

(ਸਫ਼ਾ 4 'ਤੇ)

ਰੋਜ਼ਾਨਾ

# ਨਿਊਜ਼ਲਾਈਨ ਐਕਸਪ੍ਰੈਸ

ਪਟਿਆਲਾ

Editor
Jagdish Goyal

**Newsline Express, Patiala**

Asstt. Editor
Ved Chand Mandour



(ਸਫ਼ਾ 4 'ਤੇ)

ਰਜਿ. ਨੰ: 64852 ਸਾਲ : 27 ਅੰਕ : 165 Date : 15 July, 2021 Thursday ਮਿਤੀ : 15 ਜੁਲਾਈ 2021 ਦਿਨ : ਵੀਰਵਾਰ ਮੁੱਲ : 3 ਰੁਪਏ ਮੋਬਾਇਲ : 76588-14287 ਈ-ਮੇਲ: newslineexpress@gmail.com ਪੇਜ਼: 4


## ਕੋਵਿਡ ਨੇਮਾਂ ਦਾ ਉਲੰਘਣ ਨਾ ਕਰਨ ਲੋਕ: ਮੋਦੀ

**ਨਵੀਂ ਦਿੱਲੀ, 14 ਜੁਲਾਈ -ਸੁਸ਼ੀਲ-**
**-ਨਿਊਜ਼ਲਾਈਨ ਐਕਸਪ੍ਰੈਸ-**

)ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹਿੱਲ ਸਟੇਸ਼ਨਾਂ ਤੇ ਮਾਰਕੀਟਾਂ ਵਿੱਚ ਵੱਡੀ ਗਿਣਤੀ ਲੋਕਾਂ ਦੇ ਬਿਨਾਂ ਮਾਸਕਾਂ ਤੇ ਸਮਾਜਿਕ ਦੂਰੀ ਨੇਮਾਂ ਦੀ ਉਲੰਘਣਾ ਕਰਦਿਆਂ ਇਕੱਠੇ ਹੋਣ ਤੇ 90 ਜ਼ਿਲ੍ਹਿਆਂ 'ਚ ਕੋਵਿਡ-19 ਕੇਸਾਂ ਦੀ ਵਧਦੀ ਗਿਣਤੀ 'ਤੇ ਫਕਿਰਮੰਦੀ ਜਾਹਿਰ ਕਰਦਿਆਂ ਅੱਜ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਰੋਨਾਵਾਇਰਸ ਦੀ ਤੀਜੀ ਲਹਿਰ ਨੂੰ ਫੈਲਣ ਤੋਂ ਰੋਕਣ ਲਈ ਕਿਸੇ ਤਰ੍ਹਾਂ ਦੀ ਢਿੱਲ ਨਾ ਵਰਤਣ। ਉਨ੍ਹਾਂ ਕਿਹਾ ਕਿ ਕੋਵਿਡ-19 ਨੇਮਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਰੋਨਾ ਤੋਂ ਬਚਾਅ ਲਈ ਟੀਕਾਕਰਨ ਮੁਹਿੰਮ ਨੂੰ ਲਗਾਤਾਰ ਵਧਾਉਣ 'ਤੇ ਜ਼ੋਰ ਦਿੰਦਿਆਂ ਕਿਹਾ, "ਜੇ ਅਸੀਂ ਚੌਕਸ ਰਹਿ ਕੇ ਸਾਰੀਆਂ ਸਾਵਧਾਨੀਆਂ ਵਰਤਲਈਆਂ ਤਾਂ ਅਸੀਂ ਤੀਜੀ ਲਹਿਰ ਨੂੰ ਰੋਕਣ ਦੇ ਸਮਰੱਥ ਹੋ ਜਾਵਾਂਗੇ...ਇਸ ਵਿੱਚ ਕੋਈ ਸਮਝੌਤਾ (ਬਾਕੀ ਸਫ਼ਾ 3 'ਤੇ)




## ਮੁੱਖ ਮੰਤਰੀ ਵੱਲੋਂ 2.85 ਲੱਖ ਖੇਤ ਕਾਮਿਆਂ ਅਤੇ ਬੇਜ਼ਮੀਨੇ ਕਾਸ਼ਤਕਾਰਾਂ ਦਾ 590 ਕਰੋੜ ਰੁਪਏ ਦਾ ਕਰਜ਼ਾ ਮੁਆਫ ਕਰਨ ਦਾ ਐਲਾਨ

**ਚੰਡੀਗੜ੍ਹ, 14 ਜੁਲਾਈ -ਰਾਕੇਸ਼ ਕੌਸ਼ਲ**
**-ਨਿਊਜ਼ਲਾਈਨ ਐਕਸਪ੍ਰੈਸ-**

ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਖੇਤ ਕਾਮਿਆਂ ਅਤੇ ਬੇਜ਼ਮੀਨੇ ਕਾਸ਼ਤਕਾਰਾਂ ਲਈ ਖੇਤੀ ਕਰਜ਼ਾ ਸਕੀਮ ਤਹਿਤ 590 ਕਰੋੜ ਰੁਪਏ ਦੀ ਕਰਜ਼ਾ ਮੁਆਫੀ ਦਾ ਐਲਾਨ ਕੀਤਾ ਹੈ ਜਿਸ ਨਾਲ ਮੁੱਖ ਮੰਤਰੀ ਵੱਲੋਂ ਆਪਣੀ ਸਰਕਾਰ ਦੇ ਇਕ ਹੋਰ ਪ੍ਰਮੁੱਖ ਵਾਅਦੇ ਨੂੰ ਪੂਰਾ ਕੀਤੇ ਜਾਣ ਦਾ ਰਾਹ ਪੱਧਰਾ ਹੋ ਗਿਆ। ਉਚ-ਪੱਧਰੀ ਮੀਟਿੰਗ ਤੋਂ ਬਾਅਦ ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ 20 ਅਗਸਤ ਨੂੰ ਸੂਬਾ ਪੱਧਰੀ ਸਮਾਗਮ ਦੌਰਾਨ ਇਹ ਚੈੱਕ ਜਾਰੀ ਕੀਤੇ ਜਾਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਇਮਰੀ ਸਹਿਕਾਰੀ ਸਭਾਵਾਂ ਦੇ 2,85,325 ਮੈਂਬਰਾਂ ਦਾ 590 ਕਰੋੜ ਰੁਪਏ ਦਾ ਕਰਜ਼ਾ ਮੁਆਫ ਕੀਤਾ ਜਾਵੇਗਾ ਜਿਸ ਨਾਲ ਹਰੇਕ ਮੈਂਬਰ ਨੂੰ 20,000 ਦੀ ਰਾਹਤ ਮੁਹੱਈਆ ਹੋਵੇਗੀ। ਉਨ੍ਹਾਂ ਨੇ ਵਿੱਤ ਅਤੇ ਸਹਿਕਾਰਤਾ ਵਿਭਾਗਾਂ ਨੂੰ ਇਸ ਫੈਸਲੇ ਨੂੰ ਜ਼ਮੀਨੀ ਪੱਧਰ ਉਤੇ ਕਾਰਗਰ ਢੰਗ ਨਾਲ ਅਮਲ ਵਿਚ ਲਿਆਉਣ ਲਈ ਪ੍ਰਕਿਰਿਆ ਨੂੰ ਅਮਲੀਜਾਮਾ ਪਹਿਨਾਉਣ ਦੇ ਆਦੇਸ਼ ਦਿੱਤੇ ਹਨ।

ਪੰਜਾਬ ਸਰਕਾਰ ਨੇ ਪੰਜਾਬ ਖੇਤੀਬਾੜੀ ਸਹਿਕਾਰੀ ਸਭਾਵਾਂ-2019 ਦੇ ਤਹਿਤ ਖੇਤ ਕਾਮਿਆਂ ਅਤੇ ਬੇਜ਼ਮੀਨੇ ਕਾਸ਼ਤਕਾਰਾਂ ਮੈਂਬਰਾਂ ਲਈ ਕਰਜ਼ਾ ਰਾਹਤ ਸਕੀਮ ਉਲੀਕੀ ਸੀ ਜਿਸ ਦੇ ਘੇਰੇ ਹੇਠ ਸੂਬੇ ਵਿਚ ਪੰਜਾਬ ਖੇਤੀਬਾੜੀ ਸਹਿਕਾਰੀ ਸਭਾਵਾਂ ਰਾਹੀਂ ਜ਼ਿਲ੍ਹਾ ਕੇਂਦਰੀ ਸਹਿਕਾਰੀ ਬੈਂਕਾਂ ਵੱਲੋਂ ਸਹਿਕਾਰੀ ਸਭਾਵਾਂ ਦੇ ਮੈਂਬਰਾਂ ਨੂੰ ਦਿੱਤੇ ਗੈਰ-ਵਾਹੀਯੋਗ ਕਰਜ਼ੇ ਸ਼ਾਮਲ ਹੋਣਗੇ। ਕੈਪਟਨ ਅਮਰਿੰਦਰ ਸਿੰਘ ਨੇ ਇਹ ਐਲਾਨ ਮੁੱਖ ਮੰਤਰੀ ਦੇ ਪ੍ਰਮੁੱਖ ਪ੍ਰੋਗਰਾਮ 'ਕਰਜ਼ਾ ਰਾਹਤ ਸਕੀਮ' ਦੇ ਹੇਠ ਕਿਸਾਨਾਂ ਦੇ ਕਰਜ਼ਿਆਂ ਉਤੇ ਲੀਕ ਫੇਰਨ ਤੋਂ ਬਾਅਦ ਕੀਤਾ ਗਿਆ ਹੈ। ਪੰਜਾਬ ਕਾਂਗਰਸ ਵੱਲੋਂ ਸਾਲ 2017 ਵਿਚ ਕਰਜ਼ਾ ਮੁਆਫੀ ਦਾ ਚੋਣ ਵਾਅਦਾ ਕੀਤਾ ਗਿਆ ਸੀ ਜਿਸ ਤਹਿਤ ਇਸ ਸਕੀਮ ਹੇਠ ਹੁਣ ਤੱਕ 5.64 ਲੱਖ ਕਿਸਾਨਾਂ ਦਾ 4624 ਕਰੋੜ ਰੁਪਏ ਦਾ ਕਰਜ਼ਾ ਮੁਆਫ ਕੀਤਾ ਗਿਆ ਹੈ।

ਇਸ ਤੋਂ ਇਲਾਵਾ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੇ 50-50 ਹਜ਼ਾਰ ਰੁਪਏ ਦੇ ਕਰਜ਼ੇ ਮੁਆਫ ਕੀਤੇ ਜਾ ਚੁੱਕੇ ਹਨ ਜਿਨ੍ਹਾਂ ਵਿਚ ਐਸ.ਸੀ. ਕਾਰਪੋਰੇਸ਼ਨ ਵੱਲੋਂ 6405 ਲਾਭਪਾਤਰੀਆਂ ਦੇ 58.39 ਕਰੋੜ ਰੁਪਏ ਜਦਕਿ ਬੀ.ਸੀ. ਕਾਰਪੋਰੇਸ਼ਨ ਵੱਲੋਂ (ਬਾਕੀ ਸਫ਼ਾ 3 'ਤੇ)



## ਜਾਂਚ ਅਜੇ ਜਾਰੀ ਹੈ; ਬਰਗਾੜੀ ਬੇਅਦਬੀ ਮਾਮਲੇ ਵਿੱਚ ਡੇਰਾ ਮੁਖੀ ਸਮੇਤ ਕਿਸੇ ਨੂੰ ਵੀ ਕਲੀਨ ਚਿੱਟ ਨਹੀਂ ਦਿੱਤੀ ਗਈ: ਐਸਆਈਟੀ ਚੀਫ ਪਰਮਾਰ

**ਚੰਡੀਗੜ੍ਹ, 14 ਜੁਲਾਈ**
**-ਨਿਊਜ਼ਲਾਈਨ ਐਕਸਪ੍ਰੈਸ-**

ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪਾਂ ਦੀ ਬੇਅਦਬੀ ਸਬੰਧੀ ਕੇਸਾਂ ਦੀ ਜਾਂਚ ਸਹੀ ਦਿਸ਼ਾ ਵੱਲ ਵੱਧ ਰਹੀ ਹੈ, ਇਸ ਗੱਲ 'ਤੇ ਜ਼ੋਰ ਦਿੰਦਿਆਂ ਸਪੈਸ਼ਲ ਇਨਵੈਸਟੀਗੇਸ਼ਨ ਟੀਮ (ਐਸ.ਆਈ.ਟੀ) ਦੇ ਮੁਖੀ ਐਸਪੀਐਸ ਪਰਮਾਰ ਨੇ ਸੋਸ਼ਲ ਮੀਡੀਆ ਦੇ ਗਲਤ ਪ੍ਰਾਪਾਗੰਡੇ ਨੂੰ ਨਕਾਰਦਿਆਂ ਡੇਰਾ ਮੁਖੀ ਗੁਰਮੀਤ ਰਾਮ ਰਹੀਮ ਜਾਂ ਕਿਸੇ ਹੋਰ ਵਿਅਕਤੀ ਨੂੰ ਕਲੀਨ ਚਿੱਟ ਦੇਣ ਤੋਂ ਇਨਕਾਰ ਕੀਤਾ ਹੈ।

ਮੀਡੀਆ ਵਿੱਚ ਵੱਖ-ਵੱਖ ਸਮੂਹਾਂ/ਵਿਅਕਤੀਆਂ ਦੀਆਂ ਟਿੱਪਣੀਆਂ 'ਤੇ ਪ੍ਰਤੀਕਰਮ ਦਿੰਦਿਆਂ ਐਸ.ਆਈ.ਟੀ. ਮੁਖੀ ਨੇ ਕਿਹਾ ਕਿ ਕੋਈ ਵੀ ਕਾਨੂੰਨ ਤੋਂ ਉੱਪਰ ਨਹੀਂ ਹੈ ਅਤੇ ਜੇਕਰ ਚੱਲ ਰਹੀ ਜਾਂਚ ਦੌਰਾਨ ਕਿਸੇ ਵੀ ਸਮੇਂ ਕਿਸੇ ਵੀ ਵਿਅਕਤੀ ਵਿਰੁੱਧ ਸਬੂਤ ਮਿਲਦੇ ਹਨ ਤਾਂ ਅਜਿਹੇ ਵਿਅਕਤੀਆਂ ਵਿਰੁੱਧ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।

ਸ੍ਰੀ ਪਰਮਾਰ ਨੇ ਦੱਸਿਆ ਕਿ ਬਰਗਾੜੀ ਅਤੇ ਬੁਰਜ ਜਵਾਹਰ ਸਿੰਘ ਵਾਲਾ ਨਾਲ ਸਬੰਧਤ ਤਿੰਨ ਮਾਮਲਿਆਂ ਦੀ ਜਾਂਚ ਅਜੇ ਵੀ ਚੱਲ ਰਹੀ ਹੈ। ਥਾਣਾ ਬਾਜਾਖਾਨਾ ਵਿਖੇ ਦਰਜ ਐਫਆਈਆਰ ਨੰ. 128/2015 ਦੇ ਚਲਾਨ ਅਨੁਸਾਰ, ਇਹ ਸਪੱਸ਼ਟ ਤੌਰ 'ਤੇ ਦਰਸਾਇਆ ਗਿਆ ਹੈ ਕਿ ਜੇਕਰ ਬੇਅਦਬੀ ਸਬੰਧੀ ਕੇਸਾਂ ਲਈ ਚੱਲ ਰਹੀ ਜਾਂਚ ਦੌਰਾਨ ਕਿਸੇ ਦੇ ਵਿਰੁੱਧ ਕੋਈ ਸਬੂਤ ਸਾਹਮਣੇ ਆਉਂਦਾ ਹੈ ਤਾਂ ਉਸ ਨੂੰ ਗ੍ਰਿਫਤਾਰ ਕੀਤਾ ਜਾਵੇਗਾ ਅਤੇ ਉਸ ਵਿਰੁੱਧ ਪੂਰਕ ਚਲਾਨ ਪੇਸ਼ ਕੀਤੇ ਜਾਣਗੇ। ਦੱਸਣਯੋਗ ਹੈ ਕਿ ਇਹ ਜਾਂਚ ਮੌਜੂਦਾ ਐਸਆਈਟੀ ਨੇ ਫਰਵਰੀ 2021 ਦੇ ਅੰਤ ਵਿੱਚ ਦਾਇਰ ਕੀਤੇ ਕੇਸ ਨੂੰ ਮੁੜ ਪ੍ਰਾਪਤ ਕਰਨ ਤੋਂ ਬਾਅਦ ਸ਼ੁਰੂ ਕੀਤੀ ਸੀ।

ਇਸ ਭਾਵਨਾਤਮਕ ਮਾਮਲੇ ਸੰਬੰਧੀ ਗਲਤ ਅਤੇ ਗੈਰ-ਜ਼ਿੰਮੇਵਾਰਾਨਾ (ਬਾਕੀ ਸਫ਼ਾ 3 'ਤੇ)



## ਚਢੂਨੀ ਖ਼ਿਲਾਫ਼ ਸੰਯੁਕਤ ਕਿਸਾਨ ਮੋਰਚਾ ਦਾ ਵੱਡਾ ਐਕਸ਼ਨ, ਹਫਤੇ ਲਈ ਕੀਤਾ ਸਸਪੈਂਡ



**ਨਵੀਂ ਦਿੱਲੀ, 14 ਜੁਲਾਈ -ਆਸ਼ੀਸ਼-**
**-ਨਿਊਜ਼ਲਾਈਨ ਐਕਸਪ੍ਰੈਸ-**

)ਸੰਯੁਕਤ ਕਿਸਾਨ ਮੋਰਚਾ ਨੇ ਕਿਸਾਨ ਆਗੂ ਗੁਰਨਾਮ ਸਿੰਘ ਚਢੂਨੀ ਖਲਿਾਫ ਵੱਡਾ ਐਕਸ਼ਨ ਲਿਆ ਹੈ। ਸੰਯੁਕਤ ਕਿਸਾਨ ਮੋਰਚਾ ਨੇ ਚਢੂਨੀ ਨੂੰ ਇਕ ਹਫਤੇ ਲਈ ਸਸਪੈਂਡ ਕਰ ਦਿੱਤਾ ਹੈ। ਇਸ ਤਹਿਤ ਗੁਰਨਾਮ ਚਢੂਨੀ 7 ਦਿਨਾਂ ਤਕ ਮੋਰਚੇ ਨਾਲ ਸਟੇਜ 'ਤੇ ਨਹੀਂ ਜਾ ਸਕਣਗੇ ਅਤੇ ਨਾ ਹੀ ਕੋਈ ਬਿਆਨਬਾਜੀ ਕਰ ਸਕਣਗੇ। ਇੰਨਾ ਹੀ ਨਹੀਂ ਉਹ ਇਕ ਹਫਤੇ ਲਈ ਕਿਸਾਨ ਮੋਰਚੇ ਦੀਆਂ ਮੀਟਿੰਗਾਂ 'ਚ ਵੀ ਹਿੱਸਾ ਨਹੀਂ ਲੈ ਸਕਣਗੇ।

ਸੰਯੁਕਤ ਕਿਸਾਨ ਮੋਰਚਾ ਦਾ ਕਹਿਣਾ (ਬਾਕੀ ਸਫ਼ਾ 3 'ਤੇ)

## ਅਨਿਲ ਵਿਜ ਦੀ ਨਵਜੋਤ ਸਿੱਧੂ ਨੂੰ ਨਸੀਹਤ-ਨਿੱਤ ਦਲ ਬਦਲਣ ਨਾਲੋਂ ਆਪਣੀ ਹੀ ਪਾਰਟੀ ਬਣਾ ਲਓ



**ਚੰਡੀਗੜ੍ਹ, 14 ਜੁਲਾਈ**
**-ਨਿਊਜ਼ਲਾਈਨ ਐਕਸਪ੍ਰੈਸ-**

ਪੰਜਾਬ 'ਚ ਕਾਂਗਰਸ ਆਗੂ ਨਵਜੋਤ ਸਿੰਘ ਸਿੱਧੂ ਅਤੇ ਮੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਿਚਾਲੇ ਤਿੱਖੀ 'ਤਕਰਾਰ' ਨੂੰ ਸਭ ਜਾਣਦੇ ਹਨ। ਸਿੱਧੂ ਨੇ ਆਮ ਆਦਮੀ ਪਾਰਟੀ ਦੀ ਤਾਰੀਫ਼ 'ਚ ਟਵੀਟ ਕੀਤਾ ਤਾਂ ਇਹ ਕਿਆਸ ਲਾਏ ਜਾ ਰਹੇ ਹਨ ਕਿ ਉਹ 'ਆਪ' ਪਾਰਟੀ 'ਚ ਸ਼ਾਮਲ ਹੋ ਸਕਦੇ ਹਨ। ਅਜਿਹੇ ਵਿਚ ਹਰਿਆਣਾ ਦੇ ਗ੍ਰਹਿ ਮੰਤਰੀ (ਬਾਕੀ ਸਫ਼ਾ 3 'ਤੇ)

## ਪੰਜਾਬ ਪੁਲਿਸ ਵੱਲੋਂ ਮੱਧ ਪ੍ਰਦੇਸ਼ ਵਿੱਚ ਚੱਲ ਰਹੇ ਗੈਰ ਕਾਨੂੰਨੀ ਹਥਿਆਰਾਂ ਦੇ ਇੱਕ ਹੋਰ ਮਡਿਊਲ ਦਾ ਪਰਦਾਫਾਸ਼; 39 ਪਿਸਤੌਲਾਂ ਸਮੇਤ ਦੋ ਵਿਅਕਤੀ ਕਾਬੂ

### ਪੰਜਾਬ ਪੁਲਿਸ ਵੱਲੋਂ ਪਿਛਲੇ 8 ਮਹੀਨਿਆਂ ਦੌਰਾਨ ਬੇਨਕਾਬ ਕੀਤਾ ਗਿਆ ਮੱਧ ਪ੍ਰਦੇਸ਼ ਆਧਾਰਤ ਅਜਿਹਾ ਚੌਥਾ ਮਡਿਊਲ

**ਅੰਮ੍ਰਿਤਸਰ, 14 ਜੁਲਾਈ**
**-ਨਿਊਜ਼ਲਾਈਨ ਐਕਸਪ੍ਰੈਸ-**

ਮੱਧ ਪ੍ਰਦੇਸ਼ ਤੋਂ ਗੈਰਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਨੈਟਵਰਕ ਨੂੰ ਤੋੜਨ ਲਈ ਆਪਣੀ ਮੁਹਿੰਮ ਨੂੰ ਜਾਰੀ ਰੱਖਦਿਆਂ ਪੰਜਾਬ ਪੁਲਿਸ ਨੇ ਅੱਜ ਮੱਧ ਪ੍ਰਦੇਸ਼ ਅਧਾਰਤ ਦੋ ਵਿਅਕਤੀਆਂ ਦੀ ਗ੍ਰਿਫਤਾਰੀ ਨਾਲ ਗੈਰਕਾਨੂੰਨੀ ਹਥਿਆਰਾਂ ਦੇ ਨਿਰਮਾਣ ਅਤੇ ਸੂਬੇ ਵਿੱਚ ਇਨ੍ਹਾਂ ਹਥਿਆਰਾਂ ਦੀ ਸਪਲਾਈ ਵਿੱਚ ਸ਼ਾਮਲ ਇੱਕ ਹੋਰ ਅੰਤਰ-ਰਾਜੀ ਮਡਿਊਲ ਦਾ ਪਰਦਾਫਾਸ਼ ਕੀਤਾ ਹੈ।

ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਦਿਨਕਰ ਗੁਪਤਾ ਨੇ ਦੱਸਿਆ ਕਿ ਅੰਤਰਰਾਜੀ ਕਾਰਵਾਈ ਦੌਰਾਨ ਸਟੇਟ ਕਾਊਂਟਰ ਇੰਟੈਲੀਜੈਂਸ, ਅੰਮ੍ਰਿਤਸਰ ਦੀ ਟੀਮ ਨੇ ਮੱਧ ਪ੍ਰਦੇਸ਼ ਦੇ ਬੜਵਾਨੀ ਜ਼ਿਲ੍ਹੇ ਦੇ ਪਿੰਡ ਜਮਲੀ ਗਾਇਤਰੀ ਧਾਮ ਦੇ ਰਹਿਣ ਵਾਲੇ ਜੀਵਨ (19) ਅਤੇ ਬੜਵਾਨੀ (ਮੱਧ ਪ੍ਰਦੇਸ਼) ਦੇ ਪਿੰਡ ਉਮਰਤੀ ਦੇ ਵਿਜੇ ਠਾਕੁਰ (25) ਨੂੰ ਬੜਵਾਨੀ ਜ਼ਿਲ੍ਹੇ ਦੇ ਪਿੰਡ ਸੇਂਧਵਾ ਦੇ ਖੇਤਰ 'ਚੋਂ ਗ੍ਰਿਫਤਾਰ ਕੀਤਾ ਹੈ ਅਤੇ ਉਨ੍ਹਾਂ ਕੋਲੋਂ ਮੈਗਜ਼ੀਨਾਂ ਸਮੇਤ 39 ਪਿਸਤੌਲਾਂ (.32 ਬੋਰ) ਬਰਾਮਦ ਕੀਤੀਆਂ ਹਨ।

(ਬਾਕੀ ਸਫ਼ਾ 3 'ਤੇ)





## ਭੋਗਪੁਰ ਸਹਿਕਾਰੀ ਖੰਡ ਮਿੱਲ ਵਿਖੇ 30 ਕਰੋੜ ਰੁਪਏ ਦੀ ਲਾਗਤ ਨਾਲ ਲੱਗੇਗਾ ਬਾਇਓ ਸੀ.ਐਨ.ਜੀ. ਪ੍ਰਾਜੈਕਟ: ਸੁਖਜਿੰਦਰ ਸਿੰਘ ਰੰਧਾਵਾ

➢ ਸਹਿਕਾਰਤਾ ਮੰਤਰੀ ਨੇ ਸਬੰਧਤ ਕੰਪਨੀ ਨੂੰ ਕੰਮ ਸੌਂਪਣ ਦਾ ਪੱਤਰ ਦਿੱਤਾ ➢ ਰੋਜ਼ਾਨਾ 100 ਟਨ ਪ੍ਰੈਸ ਮੱਡ ਪ੍ਰਾਸੈਸਿੰਗ ਵਾਲੇ ਪ੍ਰਾਜੈਕਟ ਨਾਲ ਸਹਿਕਾਰੀ ਖੰਡ ਮਿੱਲ ਨੂੰ ਸਾਲਾਨ ਘੱਟੋ-ਘੱਟ 75 ਲੱਖ ਦੀ ਹੋਵੇਗੀ ਕਮਾਈ ➢ ਸਹਿਕਾਰੀ ਖੰਡ ਮਿੱਲਾਂ ਨੂੰ ਆਤਮ ਨਿਰਭਰ ਬਣਾਉਣ ਅਤੇ ਗਰੀਨ ਐਨਰਜੀ ਨੂੰ ਹੁਲਾਰਾ ਦੇਣ ਲਈ ਸ਼ੂਗਰਫੈਡ ਦੀ ਕਵਾਇਦ

**ਚੰਡੀਗੜ੍ਹ, 14 ਜੁਲਾਈ**
**-ਨਿਊਜ਼ਲਾਈਨ ਐਕਸਪ੍ਰੈਸ-**

ਸੂਬੇ ਦੀਆਂ ਸਹਿਕਾਰੀ ਖੰਡ ਮਿੱਲਾਂ ਨੂੰ ਆਤਮ ਨਿਰਭਰ ਬਣਾਉਣ ਅਤੇ ਊਰਜਾ ਦੇ ਨਵਿਆਉਣ ਯੋਗ ਸੋਮਿਆਂ ਨੂੰ ਹੁਲਾਰਾ ਦੇਣ ਲਈ ਪਿੜਾਈ ਉਪਰੰਤ ਬਚਦੀ ਗੰਨੇ ਦੀ ਮੈਲ ਤੋਂ ਗਰੀਨ ਐਨਰਜੀ ਦੀ ਪੈਦਾਵਾਰ ਲਈ ਨਿੱਜੀ ਜਨਤਕ ਭਾਈਵਾਲੀ (ਪੀ.ਪੀ.ਪੀ.) ਤਹਿਤ ਸਹਿਕਾਰੀ ਖੰਡ ਮਿੱਲਾਂ ਨੂੰ ਬਾਇਓ ਸੀ.ਐਨ.ਜੀ. ਪ੍ਰਾਜੈਕਟ ਸਥਾਪਤ ਕੀਤੇ ਜਾ ਰਹੇ ਹਨ। ਇਹ ਗੱਲ ਸਹਿਕਾਰਤਾ ਮੰਤਰੀ ਸ. ਸੁਖਜਿੰਦਰ ਸਿੰਘ ਰੰਧਾਵਾ ਨੇ ਅੱਜ ਇਥੇ ਚੰਡੀਗੜ੍ਹ ਸਥਿਤ ਮਾਰਕਫੈਡ ਦਫਤਰ ਵਿਖੇ ਭੋਗਪੁਰ ਸਹਿਕਾਰੀ ਖੰਡ ਮਿੱਲ ਵਿਖੇ ਗੰਨੇ ਦੀ ਮੈਲ ਦੀ ਵਰਤੋਂ ਨਾਲ ਅਜਿਹਾ ਪ੍ਰਾਜੈਕਟ ਲਗਾਉਣ ਹਿੱਤ ਕੰਮ ਸੌਂਪਣ ਦਾ ਪੱਤਰ ਜਾਰੀ ਕਰਨ ਮੌਕੇ ਕੀਤਾ।

ਸ. ਰੰਧਾਵਾ ਨੇ ਦੱਸਿਆ ਕਿ ਕੋ-ਜਨਰੇਸ਼ਨ, ਬਾਇਓ ਉਤਪਾਦਨ ਤੋਂ ਇਲਾਵਾ ਵਾਧੂ ਕਮਾਈ ਵਾਲੇ ਪ੍ਰਾਜੈਕਟਾਂ (ਬਾਕੀ ਸਫ਼ਾ 3 'ਤੇ)



ਸਹਿਕਾਰਤਾ ਮੰਤਰੀ ਸ. ਸੁਖਜਿੰਦਰ ਸਿੰਘ ਰੰਧਾਵਾ ਬੁੱਧਵਾਰ ਨੂੰ ਚੰਡੀਗੜ੍ਹ ਵਿਖੇ ਭੋਗਪੁਰ ਖੰਡ ਮਿੱਲ ਵਿਖੇ ਲੱਗਣ ਵਾਲੇ ਬਾਇਓ ਸੀ.ਐਨ.ਜੀ. ਪ੍ਰਾਜੈਕਟ ਦੇ ਕੰਮ ਦਾ ਪੱਤਰ ਸਬੰਧਤ ਕੰਪਨੀ ਦੇ ਨੁਮਾਇੰਦਿਆਂ ਨੂੰ ਸੌਂਪਦੇ ਹੋਏ ਫ਼ੋਟੋ : ਨਿਊਜ਼ਲਾਈਨ ਐਕਸਪ੍ਰੈਸ

## ਨਾਭਾ ਜੇਲ੍ਹ ਅੰਦਰੋਂ ਬਣਵਾਈ ਸਰਕਾਰ ਦੇ ਨਾਮ 'ਤੇ ਵੈੱਬਸਾਈਟ, ਨੌਕਰੀਆਂ ਦੇ ਫਾਰਮ ਵੇਚ ਕੇ ਪੈਸੇ ਠੱਗਣ ਦੀ ਰਚੀ ਗਈ ਸਾਜ਼ਿਸ਼



**ਨਾਭਾ, 14 ਜੁਲਾਈ -ਵੇਦ ਚੰਦ ਮੰਡੌੜ-**
**-ਨਿਊਜ਼ਲਾਈਨ ਐਕਸਪ੍ਰੈਸ-**

ਪੁਲੀਸ ਵੱਲੋਂ ਵੱਡੀ ਸਾਜਸ਼ਿ ਦੇ ਪਰਦਾਫਾਸ਼ ਕਰਨ ਨਾਲ ਉੱਚ ਸੁਰੱਖਿਆ ਜੇਲ੍ਹ ਨਾਭਾ ਇਕ ਵਾਰ ਫਿਰ ਵਿਵਾਦਾਂ ਦੇ ਘੇਰੇ 'ਚ ਹੈ। 2016 ਜੇਲ੍ਹ ਬ੍ਰੇਕ ਸਮੇਂ ਇਸੇ ਜੇਲ੍ਹ ਉੱਪਰ ਹਮਲਾ ਕਰਕੇ ਛੇ ਕੈਦੀਆਂ ਨੂੰ ਭਜਾਉਣ ਵਾਲੇ ਕਥਿਤ ਗੈਂਗਸਟਰ ਅਮਨ ਕੁਮਾਰ ਅਤੇ ਸੁਨੀਲ ਕਾਲੜਾ ਨੇ ਹੁਣ ਜੇਲ੍ਹ ਅੰਦਰੋਂ ਸਰਕਾਰ ਦੇ ਨਾਮ ਹੇਠ ਵੈੱਬਸਾਈਟ ਬਣਾਈ ਹੈ, ਜਿਸ ਰਾਹੀਂ ਉਹ ਨੌਕਰੀਆਂ ਦੇ ਫਾਰਮ ਵੇਚ ਕੇ ਪੈਸੇ ਇੱਕਠਾ ਕਰਨਾ ਚਾਹੁੰਦੇ ਸਨ। ਸਟੇਟ ਡਿਜ਼ਾਸਟਰ ਰਿਲੀਫ਼ ਫੋਰਸ ਦੇ ਨਾਮ 'ਤੇ . ਦੇ ਨਾਮ ਨਾਲ ਵੈੱਬਸਾਈਟ ਬਣਾਉਣ ਲਈ ਅਮਨ ਕੁਮਾਰ, ਜੋ ਉੱਤਰ ਪ੍ਰਦੇਸ਼ ਵਿੱਚ ਸਾਬਕਾ ਆਈਪੀਐੱਸ ਅਫਸਰ ਸੀ, ਨੇ ਇੰਟਰਨੈੱਟ ਰਾਹੀਂ ਹੁਸ਼ਿਆਰਪੁਰ ਤੋਂ ਤਲਾਕਸ਼ੁਦਾ (ਬਾਕੀ ਸਫ਼ਾ 3 'ਤੇ)

## ਸੰਖੇਪ ਖ਼ਬਰਾਂ

### ਮੈਂ ਅਤੇ ਬ੍ਰਹਮਪੁਰਾ ਨਹੀਂ ਲੜਾਂਗੇ ਕੋਈ ਵੀ ਚੋਣ : ਸੁਖਦੇਵ ਸਿੰਘ ਢੀਂਡਸਾ



**ਜਲੰਧਰ, 14 ਜੁਲਾਈ**
**-ਨਿਊਜ਼ਲਾਈਨ ਐਕਸਪ੍ਰੈਸ-**

ਆਉਣ ਵਾਲੀਆਂ 2022 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਪਾਰਟੀਆਂ ਸਰਗਰਮ ਹੋ ਗਈਆਂ ਹਨ। ਇਸੇ ਦਰਮਿਆਨ ਸ੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਸੀਨੀਅਰ ਆਗੂ ਸੁਖਦੇਵ ਸਿੰਘ ਢੀਂਡਸਾ ਵੱਲੋਂ ਅੱਜ ਜਲੰਧਰ ਵਿਖੇ ਪ੍ਰੈੱਸ ਕਾਨਫਰੰਸ ਕੀਤੀ ਗਈ। ਇਸ ਮੌਕੇ ਸੁਖਦੇਵ ਸਿੰਘ ਢੀਂਡਸਾ ਨੇ ਵੱਡਾ ਐਲਾਨ ਕਰਦੇ ਹੋਏ ਕਿਹਾ ਕਿ ਸੁਖਦੇਵ ਸਿੰਘ ਢੀਂਡਸਾ ਅਤੇ ਰਣਜੀਤ ਸਿੰਘ ਬ੍ਰਹਮਪੁਰਾ ਕੋਈ ਵੀ ਚੋਣ ਨਹੀਂ ਲੜਨਗੇ ਸਗੋਂ ਨੌਜਵਾਨਾਂ ਨੂੰ ਚੋਣ ਮੈਦਾਨ 'ਚ ਉਤਾਰਿਆ ਜਾਵੇਗਾ।

### ਵਿਜੀਲੈਂਸ ਨੇ ਰਿਸ਼ਵਤ ਲੈਣ ਦੇ ਮਾਮਲੇ 'ਚ 9 ਕਰਮਚਾਰੀਆਂ ਅਤੇ 1 ਪ੍ਰਾਈਵੇਟ ਵਿਅਕਤੀ ਨੂੰ ਕੀਤਾ ਕਾਬੂ

**ਚੰਡੀਗੜ੍ਹ, 14 ਜੁਲਾਈ**
**-ਨਿਊਜ਼ਲਾਈਨ ਐਕਸਪ੍ਰੈਸ-**

-ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਜੂਨ ਮਹੀਨੇ ਵਿੱਚ ਵੱਖ-ਵੱਖ ਤਰ੍ਹਾਂ ਦੇ ਰਿਸ਼ਵਤਖੋਰੀ ਦੇ 8 ਮਾਮਲਿਆਂ ਵਿੱਚ 9 ਸਰਕਾਰੀ ਕਰਮਚਾਰੀਆਂ ਅਤੇ 1 ਪ੍ਰਾਈਵੇਟ ਵਿਅਕਤੀ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਜਿਸ ਵਿਚ ਪੁਲਿਸ ਦੇ 3 ਮੁਲਾਜਮ ਅਤੇ ਮਾਲ ਵਿਭਾਗ ਦੇ 2 ਕਰਮਚਾਰੀ ਸ਼ਾਮਲ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਚੀਫ਼ ਡਾਇਰੈਕਟਰ-ਕਮ-ਡੀ.ਜੀ.ਪੀ. ਵਿਜੀਲੈਂਸ ਬਿਊਰੋ ਪੰਜਾਬ ਸ੍ਰੀ ਬੀ.ਕੇ. ਉੱਪਲ ਨੇ ਕਿਹਾ ਕਿ ਬਿਊਰੋ ਨੇ ਇਸ ਅਰਸੇ ਦੌਰਾਨ ਸਰਕਾਰੀ ਕਰਮਚਾਰੀਆਂ ਅਤੇ ਹੋਰਾਂ ਦਰਮਿਆਨ ਹਰ ਖੇਤਰ ਵਿੱਚ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਠੋਸ ਕੋਸ਼ਿਸ਼ਾਂ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਬਿਊਰੋ ਨੇ ਪਿਛਲੇ ਮਹੀਨੇ ਵੱਖ-ਵੱਖ ਅਦਾਲਤਾਂ ਵਿੱਚ ਵਿਜੀਲੈਂਸ ਵੱਲੋਂ ਦਰਜ 12 ਮੁਕੱਦਮਿਆਂ 'ਚ ਚਲਾਨ ਦਾਖਲ ਕੀਤੇ ਗਏ। ਇਸ ਸਮੇਂ ਦੌਰਾਨ ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਪੂਰੀ ਡੂੰਘਾਈ ਨਾਲ ਜਾਂਚ ਲਈ 6 ਵਿਜੀਲੈਂਸ ਪੜਤਾਲਾਂ ਵੀ ਦਰਜ ਕੀਤੀਆਂ ਗਈਆਂ। ਇਸ ਤੋਂ ਇਲਾਵਾ ਇਸੇ ਅਰਸੇ ਦੌਰਾਨ ਕੀਤੀਆਂ ਵਿਜੀਲੈਂਸ ਪੜਤਾਲਾਂ ਦੇ ਆਧਾਰ 'ਤੇ 4 ਨਵੇਂ ਮੁਕੱਦਮੇ ਵੀ ਦਰਜ ਕੀਤੇ ਗਏ ਹਨ।

### ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਹਲਕੇ ਪਟਿਆਲਾ ਸ਼ਹਿਰ 'ਚ 'ਵਿਕਾਸ ਦਾ ਹੜ੍ਹ'



**ਚੰਡੀਗੜ੍ਹ, 14 ਜੁਲਾਈ**
**-ਨਿਊਜ਼ਲਾਈਨ ਐਕਸਪ੍ਰੈਸ-**

ਮੀਂਹ ਨੂੰ ਤਰਸ ਰਹੇ ਪਟਿਆਲਾ ਵਾਸੀਆਂ ਲਈ ਇਹ ਹੁਣ ਮੁਸੀਬਤ ਬਣ ਗਿਆ ਹੈ। ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਇਸ ਹਲਕੇ ਵਿੱਚ ਕਰੋੜਾਂ ਰੁਪਏ ਵਿਕਾਸ 'ਤੇ ਖਰਚੇ ਗਏ ਪਰ ਮੀਂਹ ਦੇ ਪਾਣੀ ਦੀ ਨਿਕਾਸੀ ਨਾ ਹੋਣ ਦੇ ਇਸ ਪੁਰਾਣੇ ਰੋਗ ਦਾ ਇਹ ਵਿਕਾਸ ਵੀ ਇਲਾਜ ਨਹੀਂ ਕਰ ਸਕਿਆ। ਅੱਜ ਮੀਂਹ ਕਾਰਨ ਸ਼ਹਿਰ ਦੇ ਚਾਂਦਨੀ ਚੌਕ, ਧੋਬਘਾਟ, ਸੇਵਕ ਕਲੋਨੀ, ਭਾਸ਼ਾ ਵਿਭਾਗ ਦੇ ਸਾਹਮਣੇ ਵਾਲਾ ਰਿਹਾਇਸ਼ੀ ਇਲਾਕਾ, ਰਾਘੋਮਾਜਰਾ ਤੇ ਤ੍ਰਿਪੜੀ ਦੀ ਮਾਰਕੀਟ ਪਾਣੀ ਵਿੱਚ ਡੁੱਬ ਗਏ।

## ਸੰਪਾਦਕੀ

# ਗੈਰਜਮਹੂਰੀ ਵਰਤਾਰਾ

ਉੱਤਰ ਪ੍ਰਦੇਸ਼ ਦੀਆਂ ਪੰਚਾਇਤਾਂ, ਬਲਾਕ ਸਮਿਤੀਆਂ ਅਤੇ ਜਲ੍ਹਿਾ ਪਰਿਸ਼ਦਾਂ ਦੀਆਂ ਚੋਣਾਂ ਨੇ ਇਕ ਵਾਰ ਫਿਰ ਸਿੱਧ ਕੀਤਾ ਹੈ ਕਿ ਬਹੁਤ ਵਾਰ ਇਹ ਚੋਣਾਂ ਸੂਬੇ ਵਿਚ ਸੱਤਾਧਾਰੀ ਪਾਰਟੀ ਦਾ ਪ੍ਰਛਾਵਾਂ ਮਾਤਰ ਬਣ ਕੇ ਰਹਿ ਜਾਂਦੀਆਂ ਹਨ। ਇਨ੍ਹਾਂ ਚੋਣਾਂ ਵਿਚ ਮੈਂਬਰ ਤਾਂ ਵੋਟਰਾਂ ਦੁਆਰਾ ਸਿੱਧੇ ਵੋਟਾਂ ਪਾ ਕੇ ਚੁਣੇ ਜਾਂਦੇ ਹਨ ਜਦੋਂਕਿ ਕੁਝ ਅਹੁਦਿਆਂ ਜਿਵੇਂ ਬਲਾਕ ਪ੍ਰਮੁੱਖਾਂ ਅਤੇ ਜਲ੍ਹਿਾ ਅਧਿਅਕਸ਼ਾਂ/ਪ੍ਰਮੁੱਖਾਂ ਦੀ ਚੋਣ ਅਸਿੱਧੇ ਤੌਰ 'ਤੇ ਭਾਵ ਪਹਿਲਾਂ ਸਿੱਧੇ ਤੌਰ 'ਤੇ ਚੁਣੇ ਹੋਏ ਨੁਮਾਇੰਦਿਆਂ ਦੁਆਰਾ ਕੀਤੀ ਜਾਂਦੀ ਹੈ। ਅਪਰੈਲ 2020 ਵਿਚ 75 ਜਲ੍ਹਿਆਂ ਦੀਆਂ ਪੰਚਾਇਤਾਂ (ਜਲ੍ਹਿਾ ਪੱਧਰ ਦੀਆਂ ਸੰਸਥਾਵਾਂ) ਦੇ 3,050 ਮੈਂਬਰਾਂ ਦੀਆਂ ਚੋਣਾਂ ਵਿਚ ਸਮਾਜਵਾਦੀ ਪਾਰਟੀ ਨੇ ਲਗਭਗ 800 ਸੀਟਾਂ ਜਿੱਤੀਆਂ ਸਨ ਜਦੋਂਕਿ ਭਾਜਪਾ ਨੇ 600, ਬੀਐੱਸਪੀ ਨੇ 350, ਕਾਂਗਰਸ ਨੇ 60, ਰਾਸ਼ਟਰੀ ਲੋਕ ਦਲ ਨੇ 65 ਅਤੇ ਆਮ ਆਦਮੀ ਪਾਰਟੀ ਨੇ 83 ਸੀਟਾਂ ਜਿੱਤਣ ਦਾ ਦਾਅਵਾ ਕੀਤਾ ਸੀ। ਇਨ੍ਹਾਂ ਚੋਣਾਂ ਵਿਚ ਸਭ ਤੋਂ ਮਹੱਤਵਪੂਰਨ ਤੱਥ ਇਹ ਸੀ ਕਿ 1,100 ਤੋਂ ਜਿਆਦਾ ਸੀਟਾਂ ਆਜਾਦ ਉਮੀਦਵਾਰਾਂ ਨੇ ਜਿੱਤੀਆਂ ਸਨ। 3 ਜੁਲਾਈ ਨੂੰ ਜਲ੍ਹਿਾ ਅਧਿਅਕਸ਼ਾਂ ਦੀ ਚੋਣ ਵਿਚ ਭਾਜਪਾ ਦੇ 65 ਜਲ੍ਹਿਾ ਅਧਿਅਕਸ਼ ਚੁਣੇ ਗਏ ਜਦੋਂਕਿ ਸਮਾਜਵਾਦੀ ਪਾਰਟੀ ਦੇ 5, ਰਾਸ਼ਟਰੀ ਲੋਕ ਦਲ ਦੇ 3, ਆਪਨਾ ਦਲ ਦੇ 2 ਅਤੇ ਜਨਸੱਤਾ ਦਲ ਦਾ 1 ਉਮੀਦਵਾਰ ਇਸ ਅਹੁਦੇ ਲਈ ਹੋਈਆਂ ਚੋਣਾਂ ਵਿਚ ਕਾਮਯਾਬ ਹੋਏ। ਇਕ ਜਲ੍ਹੇ ਵਿਚ ਆਜਾਦ ਉਮੀਦਵਾਰ ਜਲ੍ਹਿਾ ਅਧਿਅਕਸ਼ ਬਣਿਆ। ਸਪੱਸ਼ਟ ਹੈ ਕਿ ਲੋਕਾਂ ਦੁਆਰਾ ਦਿੱਤੇ ਨਿਰਣੇ ਨੂੰ ਉਲਟਾ ਦਿੱਤਾ ਗਿਆ। ਲੋਕਾਂ ਦੇ ਜਮਹੂਰੀ ਫੈਸਲੇ ਨੂੰ ਉਧਾਲਣ ਦੇ ਕਾਰਨਾਂ ਨੂੰ ਸਮਝਣਾ ਕੋਈ ਔਖਾ ਨਹੀਂ। ਇਹ ਕਾਰਨ ਹਨ: ਸਿਆਸੀ ਤਾਕਤ, ਬਾਹੂਬਲ ਅਤੇ ਧਨ।

11 ਜੁਲਾਈ ਨੂੰ 825 ਬਲਾਕ ਪ੍ਰਮੁੱਖਾਂ ਦੀਆਂ ਚੋਣਾਂ ਵਿਚ ਭਾਰਤੀ ਜਨਤਾ ਪਾਰਟੀ ਦੀ 626 ਬਲਾਕਾਂ ਵਿਚ ਜਿੱਤ ਹੋਈ ਜਦੋਂਕਿ ਸਮਾਜਵਾਦੀ ਪਾਰਟੀ 98, ਆਪਣਾ ਦਲ 9 ਅਤੇ ਕਾਂਗਰਸ 5 ਬਲਾਕਾਂ ਵਿਚ ਜਿੱਤੀ। 96 ਬਲਾਕਾਂ 'ਤੇ ਹੋਰ ਪਾਰਟੀਆਂ ਦੇ ਜਾਂ ਆਜਾਦ ਉਮੀਦਵਾਰ ਜਿੱਤੇ। ਇਨ੍ਹਾਂ ਚੋਣਾਂ ਵਿਚ ਬਹੁਤ ਸਾਰੀਆਂ ਥਾਵਾਂ 'ਤੇ ਮਾਰਕੁੱਟ, ਫਾਇਰਿੰਗ ਆਦਿ ਦੀਆਂ ਘਟਨਾਵਾਂ ਹੋਈਆਂ। ਭਾਜਪਾ ਨੇ ਜਿੱਤੇ ਹੋਏ ਕਈ ਆਜਾਦ ਉਮੀਦਵਾਰਾਂ ਨੂੰ ਵੀ ਆਪਣੇ ਹਮਾਇਤੀ ਦੱਸਿਆ। ਵਿਰੋਧੀ ਪਾਰਟੀਆਂ ਨੇ ਜਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਅਤੇ ਹੋਰ ਅਧਿਕਾਰੀਆਂ ਵਿਰੁੱਧ ਸੰਗੀਨ ਇਲਜਾਮ ਲਗਾਏ ਹਨ। ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਨੇ ਕਿਹਾ ਕਿ ਭਾਜਪਾ ਪੰਚਾਇਤੀ ਚੋਣਾਂ ਵਿਚ ਹੋਈ ਆਪਣੀ ਹਾਰ ਤੋਂ ਬੁਖਲਾ ਗਈ ਹੈ ਅਤੇ ਉਸ ਨੇ ਬਲਾਕ ਅਤੇ ਜਲ੍ਹਿਾ ਪੱਧਰ 'ਤੇ ਆਪਣੇ ਉਮੀਦਵਾਰ ਜਿਤਾਉਣ ਲਈ ਪ੍ਰਸ਼ਾਸਨ ਅਤੇ ਪੁਲੀਸ ਦੀ ਦੁਰਵਰਤੋਂ ਕੀਤੀ ਹੈ। ਯਾਦਵ ਨੇ ਤਾਕਤ ਦੀ ਅਜਿਹੀ ਦੁਰਵਰਤੋਂ ਨੂੰ ਜਮਹੂਰੀਅਤ ਲਈ ਖਤਰਾ ਕਰਾਰ ਦਿੱਤਾ।

ਜੋ ਉੱਤਰ ਪ੍ਰਦੇਸ਼ ਵਿਚ ਹੋਇਆ, ਉਹ ਪ੍ਰਤੱਖ ਦਿਖਾਈ ਦਿੰਦਾ ਹੈ। ਪ੍ਰਮੁੱਖ ਪ੍ਰਸ਼ਨ ਇਹ ਹੈ ਕਿ ਅਜਿਹਾ ਵਰਤਾਰਾ ਲਗਭਗ ਸਾਰੇ ਸੂਬਿਆਂ ਵਿਚ ਰਵਾਇਤ ਬਣ ਚੁੱਕਾ ਹੈ। ਸੱਤਾਧਾਰੀ ਪਾਰਟੀਆਂ ਪਹਿਲਾਂ ਤਾਂ ਪੰਚਾਇਤਾਂ ਅਤੇ ਸ਼ਹਿਰਾਂ ਦੀਆਂ ਸਥਾਨਕ ਸੰਸਥਾਵਾਂ ਦੀਆਂ ਚੋਣਾਂ ਵਿਚ ਪ੍ਰਸ਼ਾਸਨ ਅਤੇ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਕਰਕੇ ਆਪਣੇ ਉਮੀਦਵਾਰਾਂ ਦੀ ਜਿੱਤ ਯਕੀਨੀ ਬਣਾਉਂਦੀਆਂ ਹਨ ਅਤੇ ਕਈ ਵਾਰ ਜਦ ਉਹ ਜਿੱਤ ਨਾ ਹਾਸਲ ਕਰ ਸਕਣ ਤਾਂ ਘੱਟੋ ਘੱਟ ਜਲ੍ਹਿਾ ਤੇ ਬਲਾਕ ਪੱਧਰ ਦੀਆਂ ਸੰਸਥਾਵਾਂ ਵਿਚ ਆਪਣੇ ਉਮੀਦਵਾਰਾਂ ਨੂੰ ਪ੍ਰਧਾਨ ਬਣਾਉਣ ਲਈ ਹਰ ਹਰਬਾ ਵਰਤਦੀਆਂ ਹਨ। ਅਜਿਹੇ ਵਰਤਾਰੇ ਤੋਂ ਇਹ ਸਿੱਧ ਹੁੰਦਾ ਹੈ ਕਿ ਸਿਆਸੀ ਜਮਾਤ ਪੰਚਾਇਤੀ ਸੰਸਥਾਵਾਂ ਨੂੰ ਮਜਬੂਤ ਨਹੀਂ ਕਰਨਾ ਚਾਹੁੰਦੀ। ਸੰਵਿਧਾਨ ਵਿਚ ਕੀਤੀ ਗਈ 73ਵੀਂ ਅਤੇ 74ਵੀਂ ਸੋਧ ਦਾ ਮਨੋਰਥ ਜਮੀਨੀ ਪੱਧਰ ਦੀ ਜਮਹੂਰੀਅਤ ਨੂੰ ਮਜਬੂਤ ਕਰਨਾ ਸੀ। ਅਸਲੀ ਟੀਚਾ ਤਾਂ ਪਿੰਡ ਪੱਧਰ 'ਤੇ ਗ੍ਰਾਮ ਸਭਾਵਾਂ ਨੂੰ ਊਰਜਿਤ ਕਰਨਾ ਸੀ ਤਾਂ ਕਿ ਪਿੰਡ ਦੇ ਸਾਰੇ ਵੋਟਰ ਜਮਹੂਰੀ ਪ੍ਰਕਿਰਿਆ ਵਿਚ ਹਿੱਸਾ ਲੈਣ। ਅਜਿਹੀ ਪ੍ਰਕਿਰਿਆ ਨੂੰ ਮਜਬੂਤ ਕਰਨ ਦੀ ਬਜਾਏ ਸਿਆਸੀ ਪਾਰਟੀਆਂ ਇਨ੍ਹਾਂ ਚੋਣਾਂ ਨੂੰ ਆਪਣੀ ਸੱਤਾ ਮਜਬੂਤ ਕਰਨ ਲਈ ਵਰਤਦੀਆਂ ਹਨ। ਇਹੀ ਨਹੀਂ, ਪੰਚਾਇਤਾਂ, ਬਲਾਕ ਸਮਿਤੀਆਂ, ਜਲ੍ਹਿਾ ਪਰਿਸ਼ਦਾਂ ਅਤੇ ਸ਼ਹਿਰਾਂ ਦੀਆਂ ਸਥਾਨਕ ਸੰਸਥਾਵਾਂ ਨੂੰ ਸੰਵਿਧਾਨਕ ਸੋਧਾਂ ਅਨੁਸਾਰ ਪ੍ਰਸਤਾਵਿਤ ਕੀਤੇ ਗਏ ਅਧਿਕਾਰ ਅਜੇ ਤਕ ਨਹੀਂ ਦਿੱਤੇ ਗਏ। ਜਮਹੂਰੀਅਤ ਪੰਚਾਇਤੀ ਰਾਜ ਦੀਆਂ ਸੰਸਥਾਵਾਂ ਨੂੰ ਮਜਬੂਤ ਕਰਨ ਸਦਕਾ ਵਧ-ਫੁੱਲ ਸਕਦੀ ਹੈ। ਜਮਹੂਰੀ ਧਿਰਾਂ ਨੂੰ ਇਸ ਵਰਤਾਰੇ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਅਤੇ ਜਮੀਨੀ ਪੱਧਰ 'ਤੇ ਵਿਆਪਕ ਮੁਹਿੰਮ ਚਲਾਉਣ ਦੀ ਜਰੂਰਤ ਹੈ।

**-ਸੰਪਾਦਕ**

Printed, Published and Owned by Jagdish Goyal and Printed at Daffodils Printing Press, Factory Area, Patiala and Published from daily Newsline Express, 20, Street no. 3, Guru Nanak Nagar, Tripuri, Patiala.
Editor : Jagdish Goyal
RNI No.64852
Mobile no.7658814287
E-mail : newslineexpress@gmail.com
ਪ੍ਰਿੰਟਰ, ਪ੍ਰਕਾਸ਼ਕ ਅਤੇ ਮਾਲਕ ਜਗਦੀਸ਼ ਗੋਇਲ ਨੇ ਡੈਫ਼ੋਡਿਲਜ਼ ਪ੍ਰਿੰਟਿੰਗ ਪ੍ਰੈਸ, ਫੈਕਟਰੀ ਏਰੀਆ, ਪਟਿਆਲਾ ਤੋਂ ਛਪਵਾ ਕੇ 20, ਗਲੀ ਨੰਬਰ 3, ਗੁਰੂ ਨਾਨਕ ਨਗਰ, ਤ੍ਰਿਪੜੀ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ।
ਸੰਪਾਦਕ : ਜਗਦੀਸ਼ ਗੋਇਲ
ਨੋਟ : ਸੰਪਾਦਕ ਸਿਰਫ ਪੀ ਆਰ ਬੀ ਐਕਟ ਅਧੀਨ ਖਬਰਾਂ ਲਈ ਜ਼ਿੰਮੇਵਾਰ।
ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ ਪਟਿਆਲਾ ਅਦਾਲਤ ਵਿੱਚ ਹੀ ਹੋਵੇਗਾ।

# ਰਾਜਕੀ ਆਪਹੁਦਰਾਸ਼ਾਹੀ ਦੇ ਦੋ ਚਿਹਰੇ

**ਟੀਐੱਨ ਨੈਨਾਨ**

ਭਾਰਤੀ ਰਿਆਸਤ/ਸਟੇਟ ਮੁਲਕ ਦੇ ਨਾਗਰਿਕਾਂ ਨਾਲ ਬੰਦੀਵਾਨ ਜਿਹਾ ਸਲੂਕ ਕਰਨ ਦਾ ਆਦੀ ਹੈ; ਭਾਵ ਇੰਤਜ਼ਾਮੀਆ ਜਿਵੇਂ ਚਾਹੇ, ਉਨ੍ਹਾਂ ਨਾਲ ਨਜਿੱਠ ਸਕਦੀ ਹੈ। ਕੇਂਦਰ ਤੇ ਸੂਬਿਆਂ ਦੀ ਸੱਤਾ ਦੀ ਵਾਗਡੋਰ ਭਾਵੇਂ ਕਿਸੇ ਪਾਰਟੀ ਦੇ ਹੱਥਾਂ ਵਿਚ ਹੋਵੇ ਪਰ ਸਟੇਟ ਦੇ ਸ਼ਿਕਾਰਖੋਰ ਸੁਭਾਅ ਵਿਚ ਕੋਈ ਫ਼ਰਕ ਨਹੀਂ ਆਉਂਦਾ। ਸਬੂਤ ਦੇ ਤੌਰ 'ਤੇ ਤਿੰਨ ਮਿਸਾਲਾਂ ਪਾਠਕਾਂ ਦੀ ਨਜ਼ਰ ਕਰਦੇ ਹਾਂ। ਪਹਿਲੀ, ਭਾਰਤ ਦੀਆਂ ਜੇਲ੍ਹਾਂ ਅੰਦਰ ਡੱਕੇ ਦੋ-ਤਿਹਾਈ ਲੋਕ ਅਜਿਹੇ ਹਨ ਜੋ ਕਿਸੇ ਕਿਸਮ ਦੇ ਅਪਰਾਧ ਦੇ ਦੋਸ਼ੀ ਨਹੀਂ ਠਹਿਰਾਏ ਗਏ, ਉਨ੍ਹਾਂ ਨੂੰ ਅਦਾਲਤਾਂ ਦੇ ਚੱਕਰਾਂ ਵਿਚੋਂ ਲੰਘਣਾ ਪੈਂਦਾ ਹੈ ਜੋ ਸਾਲਾਂਬੱਧੀ ਚਲਦਾ ਰਹਿੰਦਾ ਹੈ। ਕਈ ਵਾਰ ਉਹ ਲੋਕ ਇਸੇ ਉਡੀਕ ਵਿਚ ਜਹਾਨੋਂ ਚੱਲ ਵਸਦੇ ਹਨ ਜਿਵੇਂ ਸਟੈਨ ਸਵਾਮੀ ਚਲਿਆ ਗਿਆ ਹੈ।


ਦੂਜੀ, ਪਤਾ ਲੱਗਿਆ ਹੈ ਕਿ ਟੈਕਸ ਇੰਤਜ਼ਾਮੀਆ ਵੱਖ ਵੱਖ ਹਾਈ ਕੋਰਟਾਂ ਵਿਚ 85 ਫ਼ੀਸਦ ਟੈਕਸ ਕੇਸ ਅਤੇ ਸੁਪਰੀਮ ਕੋਰਟ ਵਿਚ 74 ਫ਼ੀਸਦ ਕੇਸ ਹਾਰ ਜਾਂਦਾ ਹੈ। ਕੀ ਅਦਾਲਤਾਂ ਦਾ ਸਮਾਂ ਜ਼ਾਇਆ ਕਰਨ ਅਤੇ ਟੈਕਸਦਾਤਿਆਂ ਨੂੰ ਇੰਜ ਖੱਜਲ ਖੁਆਰ ਕਰਨ ਬਦਲੇ ਕਿਸੇ ਅਧਿਕਾਰੀ ਨੂੰ ਜਵਾਬਦੇਹ ਠਹਿਰਾਇਆ ਜਾਂਦਾ ਹੈ? ਤੁਸੀਂ ਸ਼ਰਤ ਲਾ ਸਕਦੇ ਹੋ ਕਿ ਨਹੀਂ ਕੀਤਾ ਜਾਂਦਾ। ਤੇ ਤੀਜੀ ਮਿਸਾਲ ਇਹ ਹੈ ਕਿ ਸ਼ੇਅਰ ਬਾਜ਼ਾਰ ਦੇ ਨਿਗਰਾਨ ਅਦਾਰੇ ਵਲੋਂ ਜੋ ਨੋਟਿਸ ਭੇਜੇ ਜਾਂਦੇ ਹਨ, ਅਦਾਰੇ ਤੋਂ ਉਨ੍ਹਾਂ ਕੋਲੋਂ ਮਸਾਂ ਇਕ ਫ਼ੀਸਦ ਤੋਂ ਵੱਧ ਜੁਰਮਾਨਾ ਵਸੂਲ ਹੁੰਦਾ ਹੈ। ਜੀ ਹਾਂ, ਸਿਰਫ਼ ਇਕ ਫ਼ੀਸਦ। 'ਬਿਜ਼ਨਸ ਸਟੈਂਡਰਡ' ਦੀ ਇਕ ਰਿਪੋਰਟ ਮੁਤਾਬਕ 2013 ਤੋਂ ਲੈ ਕੇ ਹੁਣ ਤੱਕ 81086 ਕਰੋੜ ਰੁਪਏ ਦੇ ਨੋਟਿਸ ਭੇਜੇ ਗਏ ਹਨ ਜਦਕਿ ਸਕਿਉਰਿਟੀਜ਼ ਐਂਡ ਐਕਸਚੇਂਜ ਬੋਰਡ ਆਫ ਇੰਡੀਆ (ਸੇਬੀ) ਸਿਰਫ਼ 887 ਕਰੋੜ ਰੁਪਏ ਹੀ ਵਸੂਲਣ ਵਿਚ ਕਾਮਯਾਬ ਹੋ ਸਕਿਆ ਹੈ।

ਤਿੰਨੇ ਮਿਸਾਲਾਂ ਸਟੇਟ ਦੇ ਵੱਖ ਵੱਖ ਅੰਗਾਂ ਦੀ ਆਪਹੁਦਰਾਸ਼ਾਹੀ ਜਾਂ ਘੱਟੋ-ਘੱਟ ਉਲਟੀ ਪੈਣ ਵਾਲੀ ਇਸ ਸਰਗਰਮੀ ਵੱਲ ਇਸ਼ਾਰਾ ਕਰਦੀ ਹੈ, ਇਸ ਗੱਲ ਦਾ ਧਿਆਨ ਨਹੀਂ ਰੱਖਿਆ ਜਾਂਦਾ ਕਿ ਲੋਕਾਂ ਉੱਤੇ ਕੀ ਅਸਰ ਪੈਂਦਾ ਹੈ। ਨਾਗਰਿਕ ਲਈ ਤਾਂ ਇਹ ਪ੍ਰਕਿਰਿਆ ਹੀ ਸਜ਼ਾ ਬਣ ਜਾਂਦੀ ਹੈ। ਜੇ ਤੁਹਾਨੂੰ ਜੇਲ੍ਹ ਵਿਚ 20 ਸਾਲ ਕੱਟਣੇ ਪੈਣ ਜਾਂ ਅਦਾਲਤਾਂ ਦੇ ਚੱਕਰਾਂ ਕਰ ਕੇ ਦੀਵਾਲੀਆ ਹੋ ਜਾਓ ਤਾਂ ਤੁਸੀਂ ਕੇਸ ਜਿੱਤੋ ਭਾਵੇਂ ਹਾਰੋ, ਤੁਹਾਨੂੰ ਕੀ ਫ਼ਰਕ ਪਵੇਗਾ? ਤੁਸੀਂ ਤਾਂ ਪਹਿਲਾ ਹੀ ਸਜ਼ਾ ਭੁਗਤ ਚੁੱਕੇ ਹੋ।

ਤੁਹਾਨੂੰ ਇਹ ਪ੍ਰਵਾਨ ਕਰਨਾ ਪੈਣਾ ਹੈ ਕਿ ਸਾਡੇ ਮੁਲਕ ਦੇ ਕਮਜ਼ੋਰ ਜਿਹੇ ਲੋਕਤੰਤਰੀ ਢਾਂਚੇ ਅੰਦਰ ਨਿਜ਼ਾਮ ਕਿਵੇਂ ਕੰਮ ਕਰਦਾ ਹੈ ਪਰ ਜਦੋਂ ਇਹੀ ਨਿਜ਼ਾਮ ਬਾਹਰਲੇ ਖਿਡਾਰੀਆਂ ਨਾਲ ਵੀ ਇੰਜ ਹੀ ਪੇਸ਼ ਆਉਂਦਾ ਹੈ ਤਾਂ ਇਸ ਨੂੰ ਮੂੰਹ ਦੀ ਖਾਣੀ ਪੈਂਦੀ ਹੈ ਜੋ ਘਰੇਲੂ ਮਾਮਲਿਆਂ ਵਿਚ ਉੱਕਾ ਹੀ ਦੇਖਣ ਨੂੰ ਨਹੀਂ ਮਿਲਦਾ। ਇਕ ਵਾਰ ਫਿਰ ਤਿੰਨ ਹਾਲੀਆ ਮਿਸਾਲਾਂ ਸਾਡੇ ਸਾਹਮਣੇ ਹਨ- ਕੈਨ, ਵੋਡਾਫੋਨ ਅਤੇ ਦੇਵਾਸ ਮਲਟੀਮੀਡੀਆ। ਪਹਿਲੀਆਂ ਦੋ ਮਿਸਾਲਾਂ ਪਿਛਲੇ ਸਮਿਆਂ ਤੋਂ ਟੈਕਸ ਦੇ ਮਾਮਲਿਆਂ ਨਾਲ ਜੁੜੀਆਂ ਹੋਈਆਂ ਹਨ ਜਿਨ੍ਹਾਂ ਦੇ ਸਬੰਧ ਵਿਚ ਕੌਮਾਂਤਰੀ ਪੱਧਰ 'ਤੇ ਸਾਲਸੀ ਦੇ ਕੇਸਾਂ ਵਿਚ ਭਾਰਤ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਹੈ ਤੇ ਇਸ ਮੁਤੱਲਕ ਸਰਬਸੰਮਤੀ ਨਾਲ ਫ਼ੈਸਲੇ ਸੁਣਾਏ ਗਏ ਹਨ। ਅਪੀਲ ਦੀ ਪ੍ਰਕਿਰਿਆ ਚੱਲ ਰਹੀ ਹੈ ਪਰ ਕੈਨ ਕੰਪਨੀ ਨੇ ਬਹੁਤ ਸਾਰੇ ਮੁਲਕਾਂ ਵਿਚਲੇ ਭਾਰਤ ਦੇ ਅਸਾਸੇ ਜਿਵੇਂ ਰੀਅਲ ਅਸਟੇਟ, ਸਰਕਾਰੀ ਬੈਂਕਾਂ ਦਾ ਧਨ ਅਤੇ ਏਅਰ ਇੰਡੀਆ ਦੇ ਜਹਾਜ਼ ਜ਼ਬਤ ਕਰਨ ਦਾ ਸਿਲਸਿਲਾ ਵਿੱਢ ਰੱਖਿਆ ਹੈ। ਦੇਵਾਸ ਮਲਟੀਮੀਡੀਆ ਨੇ ਵੀ (ਅੰਤਰਿਕਸ ਕਾਰਪੋਰੇਸ਼ਨ) ਆਪਹੁਦਰੇ ਢੰਗ ਨਾਲ ਕਰਾਰ ਰੱਦ ਕਰਨ ਬਦਲੇ ਸਾਲਸੀ ਦਾ ਕੇਸ ਜਿੱਤ ਲਿਆ ਹੈ ਅਤੇ ਜੇ ਉਹ ਵੀ 'ਕੈਨ' ਦੇ ਰਾਹ ਪੈ ਗਈ ਤਾਂ ਭਾਰਤ ਸਰਕਾਰ ਨੂੰ ਹੋਰ ਵੀ ਜ਼ਿਆਦਾ ਨਮੋਸ਼ੀ ਝਾਗਣੀ ਪਵੇਗੀ।

ਸਿਤਮਜ਼ਰੀਫ਼ੀ ਇਹ ਹੈ ਕਿ ਇਹ ਤਿੰਨੇ ਕੇਸ ਮਨਮੋਹਨ ਸਿੰਘ ਸਰਕਾਰ ਵੇਲੇ ਸ਼ੁਰੂ ਹੋਏ ਸਨ ਅਤੇ ਇਨ੍ਹਾਂ ਵਿਚੋਂ ਦੋ ਮਾਮਲੇ ਉਦੋਂ ਉੱਠੇ ਸਨ, ਜਦੋਂ 2012 ਦੇ ਬਜਟ ਵਿਚ ਪਿਛਲੇ ਸਮੇਂ ਤੋਂ ਟੈਕਸ ਲਾਉਣ ਦੀ ਮਦ ਜੋੜੀ ਗਈ ਸੀ। ਅਸਲ ਵਿਚ ਇਹੋ ਜਿਹਾ ਟੈਕਸ ਲਾਉਣਾ ਭਾਰਤ ਦਾ ਕੋਈ ਅਲੋਕਾਰੀ ਕਦਮ ਨਹੀਂ ਸੀ ਅਤੇ ਹੋਰਨਾਂ ਮੁਲਕਾਂ ਵਲੋਂ ਵੀ ਕੁਝ ਖਾਸ ਹਾਲਾਤ ਵਿਚ ਇਹ ਟੈਕਸ ਲਾਇਆ ਗਿਆ ਸੀ ਪਰ ਉਨ੍ਹਾਂ ਵਲੋਂ ਅਪਨਾਏ ਗਏ ਅਮਲ 'ਤੇ ਕੋਈ ਕਿੰਤੂ ਨਹੀਂ ਕਰ ਸਕਦਾ ਸੀ। ਭਾਰਤ ਵਿਚ ਸੁਤੰਤਰ ਟੈਕਸ ਮੁੱਦੇ ਨੂੰ ਨਿਵੇਸ਼ ਦੇ ਮੁੱਦੇ ਦੀ ਨਜ਼ਰ ਨਾਲ ਦੇਖਿਆ ਗਿਆ ਅਤੇ ਇਸ ਲਿਹਾਜ਼ ਤੋਂ ਇਹ ਦੁਵੱਲੀ ਨਿਵੇਸ਼ ਗਾਰੰਟੀ ਸਮਝੌਤਿਆਂ ਦੀ ਉਲੰਘਣਾ ਬਣ ਗਈ (ਜਿਸ ਤੋਂ ਮੋਦੀ ਸਰਕਾਰ ਨੇ ਇਸ ਕਿਸਮ ਦੇ 50 ਸਮਝੌਤੇ ਰੱਦ ਕਰ ਦਿੱਤੇ ਸਨ)। ਦੇਵਾਸ-ਅੰਤਰਿਕਸ ਸੌਦਾ ਮਨਮੋਹਨ ਸਿੰਘ ਸਰਕਾਰ ਵਲੋਂ ਵੱਖ ਵੱਖ ਆਧਾਰਾਂ 'ਤੇ ਰੱਦ ਕਰ ਦਿੱਤਾ ਗਿਆ ਸੀ ਅਤੇ 'ਇਸਰੋ' ਦੇ ਸਾਬਕਾ ਚੇਅਰਮੈਨ 'ਤੇ ਕੋਈ ਵੀ ਜਨਤਕ ਅਹੁਦਾ ਹਾਸਲ ਕਰਨ 'ਤੇ ਪਾਬੰਦੀ ਲਗਾ ਦਿੱਤੀ ਗਈ ਸੀ। ਬਾਅਦ ਵਿਚ ਦੇਵਾਸ ਨੇ ਇਕ ਅਮਰੀਕੀ ਅਦਾਲਤ ਵਿਚ ਕਾਨੂੰਨੀ ਚਾਰਾਜੋਈ ਕੀਤੀ ਅਤੇ ਨੌਂ ਸਾਲਸਕਾਰਾਂ ਅਤੇ ਤਿੰਨ ਕੌਮਾਂਤਰੀ ਟ੍ਰਿਬਿਊਨਲਾਂ ਨੇ ਕਰਾਰ ਰੱਦ ਕਰਨ ਦੇ ਫ਼ੈਸਲੇ ਨੂੰ ਗ਼ੈਰਕਾਨੂੰਨੀ ਕਰਾਰ ਦਿੱਤਾ।

ਇਨ੍ਹਾਂ ਤਿੰਨਾਂ ਵਿਚੋਂ ਹਰ ਕੇਸ ਵਿਚ ਇਕ ਅਰਬ ਡਾਲਰ ਤੋਂ ਵੱਧ ਦੀ ਰਕਮ ਬਣਦੀ ਹੈ। ਭਾਜਪਾ ਨੇ 2014 ਦੀਆਂ ਚੋਣਾਂ 'ਟੈਕਸ ਅਤਿਵਾਦ' ਖਿਲਾਫ਼ ਸਟੈਂਡ ਦੇ ਨਾਂ 'ਤੇ ਲੜੀਆਂ ਸਨ ਅਤੇ ਇਸ ਨੇ ਅਸਿੱਧੇ ਢੰਗ ਨਾਲ 'ਇਸਰੋ' ਦੇ ਸਾਬਕਾ ਚੇਅਰਮੈਨ ਨੂੰ ਮੈਂਬਰ ਥਾਪ ਕੇ ਇਕ ਲੇਖੇ ਉਸ ਦਾ ਮੁੜ ਵਸੇਬਾ ਵੀ ਕਰ ਦਿੱਤਾ ਸੀ। ਹੁਣ ਸਰਕਾਰ ਨੂੰ ਸੱਤ ਸਾਲ ਗੁਜ਼ਰ ਚੁੱਕੇ ਹਨ ਪਰ ਇਹ 'ਅਤਿਵਾਦ' ਜਿਉਂ ਦਾ ਤਿਉਂ ਜਾਰੀ ਹੈ ਜਿਸ ਕਰ ਕੇ ਸਰਕਾਰ ਨੂੰ ਵੀ ਸ਼ਰਮਿੰਦਾ ਹੋਣਾ ਪਿਆ ਹੈ। ਜਿਵੇਂ ਘਰੋਗੀ ਟੈਕਸ ਕੇਸਾਂ ਵਿਚ ਸਰਕਾਰ ਦਾ ਰੁਖ਼ ਹੁੰਦਾ ਹੈ ਕਿ ਉਹ ਕੇਸ ਬਣਾਵੇਗੀ, ਭਾਵੇਂ ਅਦਾਲਤ ਵਿਚ ਹਾਰ ਦਾ ਮੂੰਹ ਹੀ ਕਿਉਂ ਨਾ ਦੇਖਣਾ ਪਵੇ ਪਰ ਇੱਥੇ ਇਕ ਫ਼ਰਕ ਹੈ। ਘਰੋਗੀ ਤੌਰ 'ਤੇ ਸਰਕਾਰ ਇਸ ਪ੍ਰਕਿਰਿਆ ਨੂੰ ਸਜ਼ਾ ਵਿਚ ਤਬਦੀਲ ਕਰਨ ਬਦਲੇ ਕੋਈ ਜੁਰਮਾਨਾ ਨਹੀਂ ਤਾਰਦੀ। ਕੌਮਾਂਤਰੀ ਪੱਧਰ 'ਤੇ ਜਦੋਂ ਤੁਹਾਡੇ ਖਿਲਾਫ਼ ਕੋਈ ਫਤਵਾ ਸੁਣਾ ਦਿੱਤਾ ਜਾਵੇ ਤਾਂ ਸਟੇਟ ਨੂੰ ਆਪਣੀਆਂ ਕਾਰਵਾਈਆਂ ਦਾ ਖਮਿਆਜ਼ਾ ਭੁਗਤਣਾ ਹੀ ਪੈਂਦਾ ਹੈ। ਜੇ ਇਨ੍ਹਾਂ ਝਟਕਿਆਂ ਨਾਲ ਸਟੇਟ ਦੇ ਵਿਹਾਰ ਦੇ ਤੌਰ ਤਰੀਕੇ ਵਿਚ ਕੋਈ ਫ਼ਰਕ ਆਉਂਦਾ ਹੈ ਤਾਂ ਸ਼ਾਇਦ ਇਹ ਆਪਣੇ ਨਵੇਂ ਡਿਜੀਟਲ ਮੀਡੀਆ ਨੇਮਾਂ ਬਾਰੇ ਮੁੜ ਵਿਚਾਰ ਕਰਨਾ ਚਾਹੇਗਾ ਜਿਨ੍ਹਾਂ ਨਾਲ ਮੂਲ ਕਾਨੂੰਨ ਦਾ ਦਾਇਰਾ ਬਹੁਤ ਵਧ ਜਾਵੇਗਾ ਅਤੇ ਇੰਜ ਇਕ ਹੋਰ ਕਿਸਮ ਦੇ ਆਪਹੁਦਰੇਪਣ ਦਾ ਰਾਹ ਖੁੱਲ੍ਹ ਜਾਵੇਗਾ। *ਲੇਖਕ ਆਰਥਿਕ ਮਾਮਲਿਆਂ ਦਾ ਮਾਹਿਰ ਹੈ। 1980ਵਿਆਂ ਅਤੇ 1990 ਵਿਚ ਉਹ 'ਬਿਜਨਸ ਵਰਲਡ' ਅਤੇ 'ਇਕਨਾਮਿਕ ਟਾਈਮਜ' ਦਾ ਸੰਪਾਦਕ ਰਿਹਾ, 1992 ਤੋਂ ਬਾਅਦ 'ਬਿਜਨਸ ਸਟੈਂਡਰਡ' ਦਾ ਪ੍ਰਮੁੱਖ ਸੰਪਾਦਕ ਬਣਿਆ ਅਤੇ ਮਗਰੋਂ ਇਸ ਗਰੁੱਪ ਦਾ ਚੇਅਰਮੈਨ ਰਿਹਾ।



# ਪੰਜਾਬ ਸਰਕਾਰ ਵੱਲੋਂ ਬੀ.ਡੀ.ਪੀ.ਓਜ਼ ਨਾਲ ਤਨਖਾਹ ਦੇ ਮਾਮਲੇ ਵਿੱਚ ਸਾਲਾਂ ਬੱਧੀ ਕੀਤੇ ਜਾ ਰਹੇ ਧੱਕੇ ਕਰਕੇ ਬੀ.ਡੀ.ਪੀ.ਉਜ਼ ਮੁਕੰਮਲ ਹੜਤਾਲ 'ਤੇ

**ਸਨੌਰ, 14 ਜੁਲਾਈ -ਇਕਬਾਲ ਸਿੰਘ- -ਨਿਊਜ਼ਲਾਈਨ ਐਕਸਪ੍ਰੈਸ-**

ਪੰਜਾਬ ਦੇ ਵਿਕਾਸ ਲਈ ਪੰਜਾਬ ਸਰਕਾਰ ਦੇ ਸਭ ਤੋਂ ਮੋਹਰੀ ਭੂਮਿਕਾ ਨਿਭਾਉਣ ਵਾਲੇ ਵਿਭਾਗ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਨੂੰ ਚਲਾਉਣ ਵਾਲੇ ਅਫਸਰ, ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਸਰਕਾਰ ਦੀਆਂ ਧੱਕੇਸ਼ਾਹੀਆਂ ਖਿਲਾਫ ਮੁਕੰਮਲ ਹੜਤਾਰ ਤੇ ਚਲੇ ਗਏ ਹਨ। ਅੱਜ ਹੜਤਾਲ ਤੇ ਬੈਠੇ ਪਟਿਆਲਾ ਜਿਲੇ ਦੇ ਸਮੂਹ ਬੀ.ਡੀ.ਪੀ.ਓਜ਼ ਤੋਂ ਜਦੋਂ ਪੱਤਰਕਾਰਾਂ ਵੱਲੋਂ ਹੜਤਾਲ ਦਾ ਕਾਰਨ ਪੁਛਿਆਂ ਗਿਆ ਤਾਂ ਸ੍ਰੀ ਸੁਖਵਿੰਦਰ ਸਿੰਘ ਪ੍ਰਧਾਨ ਜਿਲਾ ਪਟਿਆਲਾ ਵੱਲੋਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਦਾ ਕੋਈ ਵੀ ਕੰਮ, ਕੋਈ ਵੀ ਪ੍ਰੋਜੈਕਟ ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ ਦੀ ਸਰਗਰਮ ਭੂਮਿਕਾ ਤੋਂ ਬਿਨਾਂ ਸਿਰੇ ਨਹੀਂ ਚੜਦਾ ਪਰ ਬਹੁਤ ਸਾਰੇ ਅਫਸਰ ਸਾਹਿਬਾਨ ਨਾਲੋਂ ਜ਼ਿਆਦਾ ਮਿਹਨਤ ਕਰਨ ਵਾਲੇ ਬੀ.ਡੀ.ਪੀ.ਓਜ਼ ਨੂੰ ਸਰਕਾਰ ਵੱਲੋ ਤਨਖਾਹ ਦੇਣ ਦੇ ਮਾਮਲੇ ਵਿੱਚ ਸ਼ਾਇਦ ਅਫਸਰ ਸਮਝਿਆ ਹੀ ਨਹੀਂ ਜਾ ਰਿਹਾ ਸਗੋਂ ਇੱਕ ਆਮ ਕਰਮ ਚਾਰੀ ਨਾਲੋਂ ਵੀ ਘੱਟ ਤਨਖਾਹ ਦਿੱਤੀ ਜਾ ਰਹੀ ਹੈ।

ਸਾਲ 1978 ਤੱਕ ਪੰਜਾਬ ਦੇ ਬੀ.ਡੀ.ਪੀ.ਓਜ਼ ਨੂੰ ਸਨਮਾਨਜਨਕ ਅਤੇ ਪੀ.ਸੀ.ਐਸ ਅਫਸਰਾਂ ਦੇ ਬਰਾਬਰ ਤਨਖਾਹ ਮਿਲਦੀ ਸੀ ਜਦੋਂ ਕਿ ਐਗਰੀਕਲਚਰਲ ਡਿਵੈਲਪਮੈਂਟ ਅਫਸਰ ਅਤੇ ਵੈਟਨਰੀ ਅਫਸਰ ਉਹਨਾਂ ਦੇ ਦਫਤਰ ਦੇ ਪ੍ਰਸਾਰ ਅਫਸਰ ਸਨ ਅਤੇ ਉਹਨਾਂ ਤੋਂ ਘੱਟ ਤਨਖਾਹ ਲੈ ਰਹੇ ਸਨ। ਪਰ ਤੀਜ਼ੇ ਤਨਖਾਹ ਕਮਿਸ਼ਨ ਦੀ ਅਨੋਮਲੀ ਕਮੇਟੀ ਜਿਸ ਵਿਚ ਸ. ਬੇਅੰਤ ਸਿੰਘ ਜੀ ਦਾ ਜਵਾਈ ਐਗਰੀਕਲਚਰਲ ਡਿਵੈਲਪਮੈਂਟ ਅਫਸਰ ਸੀ, ਨੇ ਮਿਤੀ 01/01/1991 ਵਿੱਚ ਬੀ.ਡੀ.ਪੀ.ਓਜ਼ ਨੂੰ 2100-3700 ਜਦੋਂ ਕਿ ਉਸਦੇ ਦਫਤਰ ਦੇ ਪ੍ਰਸਾਰ ਅਫਸਰਾਂ ਨੂੰ 2200-4000 ਦਾ ਤਨਖਾਹ ਸਕੇਲ ਅਤੇ ਡੀ.ਏ.ਸੀ.ਪੀ ਦਾ ਲਾਭ ਦਿੱਤਾ। ਬੀ.ਡੀ.ਪੀ.ਓਜ਼ ਵੱਲੋਂ ਸਰਕਾਰ ਕੋਲ ਕੀਤੇ ਰੋਸ ਦੇ ਸਿੱਟੇ ਵਜੋਂ ਪੰਜਾਬ ਸਰਕਾਰ ਨੇ ਕੈਬਨਿਟ ਦੇ 02/08/1993 ਦੇ ਫੈਸਲੇ ਰਾਹੀ ਬੀ.ਡੀ.ਪੀ.ਓਜ਼ ਨੂੰ 2410-4000 ਦਾ ਸਕੇਲ ਅਤੇ ਡੀ.ਏ.ਸੀ.ਪੀ ਦਾ ਲਾਭ ਦੇ ਦਿੱਤਾ, ਇਸ ਨੂੰ ਹੋਰ ਕੇਡਰ ਦੇ ਅਫਸਰ ਸਾਹਿਬਾਨਾਂ ਵੱਲੋਂ ਹਾਈਕੋਰਟ ਵਿੱਚ ਚੈਨੇਜ਼ ਕਰ ਦਿੱਤਾ, ਇਸ ਨੂੰ ਹੋਰ ਕੇਡਰ ਦੇ ਅਫਸਰ ਸਾਹਿਬਾਨਾਂ ਵੱਲੋਂ ਹਾਈਕੋਰਟ ਵਿੱਚ ਚੈਲੇਜ਼ ਕਰ ਦਿੱਤਾ ਗਿਆ ਪਰ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ 15689 1994 ਦੇ ਵਿੱਚ ਦਿੱਤੇ ਫੈਸਲੇ ਵਿੱਚ ਸ਼ਪੱਸਟ ਕਰਦੇ ਹੋਏ ਕਿ ਬੀ.ਡੀ.ਪੀ.ਓਜ਼ ਦਾ ਵਰਕ ਕਾਫੀ ਔਖਾ ਹੋਣ ਕਰਕੇ ਸਰਕਾਰ ਵੱਲੋਂ ਦਿੱਤਾ ਗਿਆ ਤਨਖਾਹ ਸਕੇਲ 2410-4000 ਬਿਲਕੁਲ ਸਹੀ ਅਤੇ ਢੁੱਕਵਾਂ ਹੈ ਸੋ ਇਹ ਤਨਖਾਹ ਸਕੇਲ ਸਾਲ 1998 ਵਿੱਚ ਚੌਥੇ ਤਨਖਾਹ ਕਮਿਸ਼ਨ ਦੀਆਂ ਸ਼ਿਫਾਰਸਾਂ ਲਾਗੂ ਹੋਣ ਤੱਕ ਭਰਤੀ ਹੋਣ ਵਾਲੇ ਬੀ.ਡੀ.ਪੀ.ਓਜ਼ ਨੂੰ ਹੁਣ ਤੱਕ ਵੀ ਮਿਲ ਰਿਹਾ ਹੈ। ਚੌਤੇ ਤਨਫਾਹ ਕਮਿਸ਼ਨ ਨੇ ਦੁਬਾਰਾ ਤੀਜ਼ੇ ਤਨਖਾਹ ਕਮਿਸ਼ਨ ਦੀਆਂ ਮੂਲ ਸ਼ਿਫਾਰਸਾਂ ਮੁਤਾਬਿਕ ਹੀ ਬੀ.ਡੀ.ਪੀ.ਓਜ਼ ਦੀ ਤਨਖਾਹ ਫਿਕਸ ਕਰਨ ਦੀ ਸ਼ਿਫਾਰਸ ਕੀਤੀ ਅਤੇ ਅਜਿਹੀ ਅਨਾਮਲੀ ਪੈਦਾ ਕਰ ਦਿੱਤੀ ਜੋ ਕਿ ਸਰਕਾਰ ਵੱਲੋ 23 ਸਾਲਾਂ ਦੇ ਲੰਮੇ ਸਮੇਂ ਵਿੱਚ ਵੀ ਠੀਕ ਨਹੀਂ ਹੋ ਸਕੀ। ਬੀ.ਡੀ.ਪੀ.ਓਜ਼ ਦੇ ਨੁਮਾਇੰਦਿਆਂ ਵੱਲੋਂ ਸਾਲ 1998 ਤੋਂ ਹੁਣ ਤੱਕ ਲਗਾਤਾਰ ਸਰਕਾਰ, ਪੰਜਵੇਂ ਤਨਕਾਹ ਕਮਿਸ਼ਨ ਅਤੇ ਛੇਵੇਂ ਤਨਕਾਹ ਕਮਿਸ਼ਨ ਕੋਲ ਸੈਕੜੇ ਵਾਰ ਆਪਣੀ ਮੰਗ ਦੁਹਰਈ ਜਾ ਚੁੱਕੀ ਹੈ, ਹਰ ਵਾਰ ਕਿਹਾ ਜਾਂਦਾ ਹੈ ਕਿ ਤੁਹਾਡੀ ਮੰਗ ਜ਼ਾਇਜ ਹੈ ਪ ਰ ਪਰਨਾਲਾ ਉੱਤੇ ਦਾ ਉੱਤੇ ਹੀ ਰਿਹਾ ਹੈ ਅਤੇ ਬੀ.ਡੀ.ਪੀ.ਓਜ਼ ਅਜੇ ਵੀ ਸਨਮਾਨਜਨਕ ਤਨਖਾਹ ਸਕੇਲ ਨੂੰ ਤਰਸ ਰਹੇ ਹਨ ਅਤੇ ਇੱਕ ਆਮ ਕਰਮਚਾਰੀ ਤੋਂ ਘੱਟ ਤਨਖਾਹ ਤੇ ਕਮੰ ਕਰ ਰਹੇ ਹਨ। ਸੋ ਬੀ.ਡੀ.ਪੀ.ਓਜ਼ ਵੱਲੋਂ ਇਹ ਸੰਕਲਪ ਦੁਹਰਾਇਆ ਗਿਆ ਹੈ। ਕਿ ਸਾਡੇ ਨਾਲ ਜੋ ਧੱਕਾ ਲਗਾਤਾਰ ਕੀਤਾ ਜਾ ਰਿਹਾ ਹੈ ਉਸ ਦੇ ਖਿਲਾਫ ਅਤੇ ਆਪਣਏ ਸਨਮਾਨਜਨਕ ਤਨਖਾਹ ਸਕੇਲ ਦੀ ਬਹਾਲੀ ਤੱਕ ਬੀ.ਡੀ.ਪੀ.ਓਜ਼ ਮੁਕੰਮਲ ਹੜਤਾਲ ਤੇ ਰਹਿਣਗੇ।

ਇਸ ਮੌਕੇ ਸ੍ਰੀ ਕ੍ਰਿਸ਼ਨ ਸਿੰਘ ਬੀ.ਡੀ.ਪੀ.ਓਜ਼ ਘਨੌਰ, ਸ੍ਰੀਮਤੀ ਨਿਧੀ ਸਿਹਨਾ ਬੀ.ਡੀ.ਪੀ.ਓਜ਼ ਪਟਿਆਲਾ, ਸ੍ਰੀ ਅਜੈਬ ਸਿੰਘ ਬੀ.ਡੀ.ਪੀ.ਓ ਸਮਾਣਾ, ਸ੍ਰੀ ਪਰਵੇਜ਼ ਗੋਇਲ ਬੀ.ਡੀ.ਪੀ.ਓ ਨਾਭਾ ਤੇ ਪਾਤੜਾਂ, ਸ੍ਰੀ ਧਰਮਪਾਲ ਸ਼ਰਮਾਂ ਬੀ.ਡੀ.ਪੀ.ਓ ਸਨੌਰ, ਸ੍ਰੀ ਰੂਪ ਸਿੰਘ ਬੀ.ਡੀ.ਪੀ.ਓ ਸੰਭੂ ਕਲਾਂ ਸ੍ਰੀ ਸਖਵਿੰਦਰ ਸਿੰਘ ਟਿਵਾਣਾ ਬੀ.ਡ.ਪੀ.ਓ ਭੁੰਨਰਹੇੜੀ, ਸ੍ਰੀ ਜਸਵੰਤ ਸਿੰਘ ਬੀ.ਡੀ.ਪੀ.ਓ ਰਾਜਪੁਰਾ ਅਤੇ ਸ੍ਰੀ ਰਜਨੀਸ ਕੁਮਾਰ ਬੀ.ਡੀ.ਪੀ.ਓ ਪਟਿਆਲਾ ਦਿਹਾਤੀ ਹੜਤਾਲ ਵਿੱਚ ਸ਼ਾਮਿਲ ਹੋਏ।




# ਬਿਜਲੀ ਕਾਮਿਆਂ ਵੱਲੋਂ ਪਾਵਰ ਮੈਨੇਜਮੈਂਟ ਵਿਰੁੱਧ ਸੰਘਰਸ਼ ਤੇਜ ਕਰਨ ਦਾ ਐਲਾਨ

**ਪਟਿਆਲਾ, 14 ਜੁਲਾਈ -ਨਿਊਜ਼ਲਾਈਨ ਐਕਸਪ੍ਰੈਸ-**

ਬਿਜਲੀ ਮੁਲਾਜਮਾਂ ਦੀਆਂ ਪ੍ਰਮੁੱਖ ਜਥੇਬੰਦੀਆਂ ਟੈਕਨੀਕਲ ਸਰਵਿਸਜ਼ ਯੂਨੀਅਨ ਪੀ.ਐਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ, ਮਨਿਸਟਰੀਅਲ ਸਰਵਿਸਜ਼ ਯੂਨੀਅਨ, ਇੰਪਲਾਈਜ਼ ਫੈਡਰੇਸ਼ਨ (ਫਲਜੀਤ) ਪੰਜਾਬ ਰਾਜ ਬਿਜਲੀ ਕਰਮਚਾਰੀ ਦਲ, ਥਰਮਲ ਇੰਪਲਾਈਜ਼ ਕੁਆਰਡੀਨੇਸ਼ਨ ਕਮੇਟੀ, ਵਰਕਰਜ਼ ਫੈਡਰੇਸ਼ਨ (ਇੰਟਕ) ਪਾਵਰਕਾਮ ਅਤੇ ਟਰਾਂਸਕੋ, ਪੰਜਾਬ ਰਾਜ ਬਿਜਲੀ ਬੋਰਡ ਮਜਦੂਰ ਸੰਘ ਅਤੇ ਹੈਡ ਆਫਿਸ ਇੰਪਲਾਈਜ਼ ਫੈਡਰੇਸ਼ਨ ਦੇ ਬਿਜਲੀ ਕਾਮੇ ਪੀ.ਐਸ.ਈ.ਬੀ. ਇੰਪਲਾਈਜ਼ ਜੁਆਇੰਟ ਫੋਰਮ ਦੇ ਸੱਦੇ ਤੇ ਪਾਵਰ ਮੈਨੇਜਮੈਂਟ ਦੀਆਂ ਮੁਲਾਜਮ ਵਿਰੋਧੀ ਨੀਤੀਆਂ ਵਿਰੁੱਧ ਸੰਘਰਸ਼ ਨੂੰ ਹੋਰ ਤੇਜ ਕਰਨਗੇ। ਜਿਸ ਅਨੁਸਾਰ ਮਿਤੀ 19072021 ਅਤੇ ਮਿਤੀ 20072021 ਨੂੰ ਲਗਾਤਾਰ ਦੋ ਦਿਨ ਹੈਡ ਆਫਿਸ ਪਟਿਆਲਾ ਅੱਗੇ ਜੋਨਲ ਪੱਧਰ ਦੇ ਪ੍ਰਤੀਨਿੱਧ ਧਰਨੇ ਦੇਣਗੇ। ਇਸ ਤੋਂ ਇਲਾਵਾ ਦੋਨੋ ਕਾਰਪੋਰੇਸ਼ਨਾਂ ਦੇ ਚੇਅਰਮੈਨ ਅਤੇ ਡਾਇਰੈਕਟਰ ਵਿਰੁੱਧ ਫੀਲਡ ਵਿੱਚ ਦੌਰਿਆਂ ਸਮੇਂ ਰੋਸ ਵਿਖਾਵੇ ਅਤੇ ਵਰਕ ਟੂ ਰੂਲ ਅਨੁਸਾਰ ਡਿਊਟੀਆਂ ਨਿਭਾਉਣਗੇ।



ਇਹ ਫੈਸਲਾ ਸਾਥੀ ਕੁਲਦੀਪ ਸਿੰਘ ਖੰਨਾ ਦੀ ਪ੍ਰਧਾਨਗੀ ਹੇਠ ਹੋਈ ਜੁਆਇੰਟ ਦੀ ਮੀਟਿੰਗ ਵਿੱਚ ਕੀਤਾ ਗਿਆ। ਸਾਥੀ ਕਰਮਚੰਦ ਭਾਰਦਵਾਜ ਨੇ ਮੀਟਿੰਗ ਦੇ ਫੈਸਲਿਆਂ ਦੀ ਜਾਣਕਾਰੀ ਦਿੰਦਿਆ ਦੱਸਿਆ ਕਿ ਮੀਟਿੰਗ ਵਿੱਚ ਪਾਵਰ ਮੈਨੇਜਮੈਂਟ ਦੀ ਮੁਲਾਜਮ ਵਿਰੋਧੀ ਨੀਤੀ ਦੀ ਸਖਤ ਨਿੰਦਾ ਕਰਦਿਆਂ ਮੰਗ ਕੀਤੀ ਗਈ ਕਿ ਮੁਲਾਜਮਾਂ ਨਾਲ ਕੀਤੀਆਂ ਮੀਟਿੰਗਾਂ ਦੇ ਫੈਸਲਿਆਂ ਅਨੁਸਾਰ ਮੰਨੀਆਂ ਮੰਗਾਂ ਜਿਵੇਂ ਕਿ ਪੇ ਬੈਂਡ ਵਿੱਚ ਵਾਧਾ, 23 ਸਾਲਾ ਦੀ ਸੇਵਾ ਬਾਅਦ ਤਰੱਕੀ ਵਾਧੇ, ਕੱਚੇ ਤੇ ਕੰਟਰੈਕਟ ਕਾਮੇ ਪੱਕੇ ਕਰਨ, ਸ.ਲ.ਮ. ਦੀਆਂ ਨਜਾਇਜ ਡਿਊਟੀਆਂ ਦਾ ਸਰਕੂਲਰ ਵਾਪਸ ਲੈਣ ਅਤੇ ਸੈਮੀ ਸਕਿਲਡ ਦੀ ਥਾਂ ਪੂਰਾ ਤਨਖਾਹ ਸਕੇਲ ਦੇਣਾ, ਲਾਈਨਮੈਨ ਅਤੇ ਐਸ.ਐਸ.ਏ. ਬਨਾਉਣ, ਸਬ ਸਟੇਸ਼ਨ ਸਟਾਫ ਨੂੰ ਉਵਰਟਾਈਮ ਦੀ ਅਦਾਇਗੀ, ਵੇਜ ਫਾਰਮੂਲੇਸ਼ਨ ਕਮੇਟੀ ਬਣਾਉਣ, ਬੰਦ ਕੀਤਾ ਮੋਬਾਇਲ ਭੱਤਾ ਦੇਣ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, ਗਰਿਡ ਸਬ ਸਟੇਸ਼ਨਾਂ ਤੇ ਮੁਲਾਜਮਾ ਦੀ ਸੁਰੱਖਿਆ ਸ.ਲ.ਮ ਤੇ ਕਲੈਰੀਕਲ ਤੇ ਟੈਕਨੀਕਲ ਕਾਮਿਆਂ ਦੀ ਭਰਤੀ, ਖਾਲੀ ਅਸਾਮੀਆਂ ਭਰਨ, ਮੰਨਜੂਰ ਸ਼ੁਦਾ ਅਸਾਮੀਆਂ ਖਤਮ ਕਰਨ ਵਿਰੁੱਧ ਅਤੇ ਪ੍ਰਾਈਵੇਟ ਬਿਜਲੀ ਕੰਪਨੀਆਂ ਨਾਲ ਕੀਤੇ ਗਲਤ ਬਿਜਲੀ ਖਰੀਦ ਸਮਝੌਤੇ ਰੱਦ ਕਰਕੇ ਖਪਤਕਾਰਾਂ ਨੂੰ ਸਸਤੀ ਬਿਜਲੀ ਦੇਣ, ਰੋਪੜ ਵਿਖੇ ਸੁਪਰ ਕਰਿਟੀਕਲ ਥਰਮਲ ਪਲਾਂਟ ਲਗਾਉਣ, ਬਠਿੰਡਾ ਵਿੱਚ 100 ਮੈਗਾਵਾਟ ਦਾ ਸੋਲਰ ਪਲਾਂਟ ਅਤੇ 60 ਮੈਗਾਵਾਟ ਦਾ ਪਰਾਲੀ ਵਾਲਾ ਥਰਮਲ ਯੂਨਿਟ ਲਗਾਉਣ ਆਦਿ ਮੰਗ ਪੱਤਰ ਅਨੁਸਾਰ ਮੰਨੀਆਂ ਮੰਗਾਂ ਲਾਗੂ ਕਰਨ ਦੀ ਮੰਗ ਕੀਤੀ।

ਪੰਜਾਬ ਸਰਕਾਰ ਦੀ ਸਖਤ ਨਿੰਦਾ ਕਰਦਿਆਂ ਛੇਵੇਂ ਪੇ ਕਮਿਸ਼ਨ ਦੀ ਰਿਪੋਰਟ ਵਿੱਚ ਮੁਲਾਜਮ ਵਿਰੋਧੀ ਸਿਫਾਰਸ਼ ਰੱਦ ਕਰਨ, ਭੱਤੇ ਘਟਾਉਣ ਤੇ ਖਤਮ ਕਰਨ ਵਿਰੁੱਧ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਅਤੇ ਏਰੀਅਰ ਦੇਣ ਦੀ ਮੰਗ ਕੀਤੀ।

ਸਰਕਾਰ ਦੀਆਂ ਇਨ੍ਹਾਂ ਮੁਲਾਜਮਾਂ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ ਬਿਜਲੀ ਕਾਮੇ ਪੰਜਾਬ ਯੂ.ਟੀ. ਮੁਲਾਜਮ ਅਤੇ ਪੈਨਸ਼ਨਰਜ਼ ਸਾਂਝੇ ਫਰੰਟ ਦੇ ਸੱਦੇ ਤੇ 29 ਜੁਲਾਈ ਨੂੰ ਪਟਿਆਲਾ ਵਿਖੇ ਦਿੱਤੇ ਜਾ ਰਹੇ ਸੂਬਾਈ ਧਰਨੇ ਅਤੇ ਮੋਤੀ ਮਹਿਲ ਵੱਲ ਮਾਰਚ ਵਿੱਚ ਹਜਾਰਾ ਦੀ ਗਿਣਤੀ ਵਿੱਚ ਸ਼ਾਮਲ ਹੋ ਕੇ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਣਗੇ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਰਵ ਸਾਥੀ ਕੌਰ ਸਿੰਘ ਸੋਹੀ, ਹਰਪਾਲ ਸਿੰਘ, ਬਲਵਿੰਦਰ ਸਿੰਘ ਸੰਧੂ, ਹਰਜਿੰਦਰ ਸਿੰਘ ਦੁਧਾਲਾ, ਰਵੇਲ ਸਿੰਘ ਸਹਾਏਪੁਰ, ਜਗਰੂਪ ਸਿੰਘ ਮਹਿਮਦਪੁਰ, ਅਵਤਾਰ ਸਿੰਘ ਕੈਂਥ, ਬ੍ਰਿਜ ਲਾਲ, ਸਿਕੰਦਰ ਨਾਥ, ਕਰਮਚੰਦ ਖੰਨਾ, ਜਗਜੀਤ ਸਿੰਘ, ਕਮਲਜੀਤ ਸਿੰਘ, ਪ੍ਰੀਤਮ ਸਿੰਘ ਪਿੰਡੀ, ਹਰਜੀਤ ਸਿੰਘ, ਸੁਖਵਿੰਦਰ ਸਿੰਘ ਦੁੱਮਨਾ, ਰਾਮ ਲੁਭਾਇਆ, ਅਸ਼ੋਕ ਕੁਮਾਰ ਸ਼ਰਮਾ, ਨਛੱਤਰ ਸਿੰਘ ਰਣੀਆ ਅਤੇ ਗੁਰਦਿੱਤ ਸਿੰਘ ਸਿੱਧੂ ਆਦਿ ਸਾਥੀ ਸ਼ਾਮਲ ਸਨ।

# 2017 ਦੀਆਂ ਚੋਣਾਂ 'ਚ ਮੋਦੀ ਦੇ ਹੁਕਮਾਂ 'ਤੇ ਅਕਾਲੀ ਦਲ ਅਤੇ ਭਾਜਪਾ ਵਰਕਰਾਂ ਨੇ ਕਾਂਗਰਸ ਨੂੰ ਪਾਈਆਂ ਸਨ ਵੋਟਾਂ : ਰਾਘਵ




**ਪਟਿਆਲਾ, 14 ਜੁਲਾਈ -ਨਿਊਜ਼ਲਾਈਨ ਐਕਸਪ੍ਰੈਸ-**

ਵਿਧਾਨ ਸਭਾ 2017 ਦੀਆਂ ਚੋਣਾਂ ਵੇਲੇ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਰੋਕਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਹੁਕਮਾਂ 'ਤੇ ਅਕਾਲੀ ਦਲ ਬਾਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਨੇ ਆਪਣੀਆਂ ਵੋਟਾਂ ਕਾਂਗਰਸ ਪਾਰਟੀਆਂ ਨੂੰ ਪਾਈਆਂ ਸਨ, ਜਿਸ ਦਾ ਖੁਲਾਸਾ ਅਕਾਲੀ ਦਲ ਬਾਦਲ ਦੇ ਰਾਜ ਸਭਾ ਮੈਂਬਰ ਨਰੇਸ਼ ਗੁਜਰਾਲ ਨੇ ਇਕ ਅਖਬਾਰ ਨੂੰ ਦਿੱਤੀ ਇੰਟਰਵਿਊ ਵਿਚ ਕੀਤਾ ਹੈ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਹਿ ਇੰਚਾਰਜ ਰਾਘਵ ਚੱਢਾ ਨੇ ਚੰਡੀਗੜ੍ਹ ਵਿਖੇ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ ਹੈ। ਇਸ ਦੌਰਾਨ 'ਆਪ' ਪ੍ਰਧਾਨ ਭਗਵੰਤ ਮਾਨ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਦੇ ਲੋਕ ਨਰਿੰਦਰ ਮੋਦੀ ਦੇ ਕੰਟਰੋਲ ਵਾਲੀਆਂ ਪਾਰਟੀਆਂ ਦੀ ਸੱਚਾਈ ਜਾਣ ਚੁੱਕੇ ਹਨ ਅਤੇ 2022 'ਚ ਤੀਜੇ ਬਦਲ ਦੀ ਚੋਣ ਕਰ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿਚ ਬਣਾਉਣਗੇ। ਭਗਵੰਤ ਮਾਨ ਨੇ ਕਿਹਾ ਕਿ ਕਾਂਗਰਸ ਪਾਰਟੀ ਦੇ ਅਕਾਲੀ ਦਲ ਬਾਦਲ ਅਤੇ ਭਾਰਤੀ ਜਨਤਾ ਪਾਰਟੀ ਨਾਲ ਹੋਏ ਗਠਜੋੜ ਦੇ ਬਹੁਤ ਸਾਰੇ ਸਬੂਤ ਹਨ ਅਤੇ ਹੁਣ ਇਹ ਸਬੂਤ ਵਾਰੀ-ਵਾਰੀ ਲੋਕਾਂ ਸਾਹਮਣੇ ਉਜਾਗਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਨਰੇਸ਼ ਗੁਜਰਾਲ ਤੋਂ ਇਲਾਵਾ ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਦੇ ਸਾਬਕਾ ਪ੍ਰਧਾਨਾਂ ਪ੍ਰਤਾਪ ਸਿੰਘ ਬਾਜਵਾ ਅਤੇ ਸ਼ਮਸ਼ੇਰ ਸਿੰਘ ਦੂਲੋਂ ਸਮੇਤ ਸਾਬਕਾ ਕਾਂਗਰਸੀ ਮੰਤਰੀ ਨਵਜੋਤ ਸਿੰਘ ਸਿੱਧੂ ਵੀ ਕੈਪਟਨ ਅਮਰਿੰਦਰ ਸਿੰਘ 'ਤੇ ਬਾਦਲਾਂ ਨਾਲ ਰਲੇ ਹੋਣ ਦੇ ਦੋਸ਼ ਲਾਏ ਹਨ।

ਇੱਥੋਂ ਤੱਕ ਕਿ ਕਾਂਗਰਸ ਦੇ ਵਿਧਾਇਕ ਰਾਜਾ ਵੜਿੰਗ ਨੇ ਕਾਂਗਰਸ ਸਰਕਾਰ ਦੇ ਵਿੱਤ ਮੰਤਰੀ ਮਨਪ੍ਰੀਤ ਬਾਦਲ 'ਤੇ ਅਕਾਲੀ ਦਲ ਦੇ ਸਮਰਥਕਾਂ ਨੂੰ ਵੱਡੀਆਂ ਗ੍ਰਾਂਟਾਂ ਦੇਣ ਦੇ ਦੋਸ਼ ਸਬੂਤਾਂ ਸਮੇਤ ਲਾਏ ਹਨ। ਮਾਨ ਨੇ ਕਿਹਾ ਬਾਦਲਾਂ ਤੋਂ ਬਾਅਦ ਪੰਜਾਬ ਵਿੱਚ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਬਣਨ ਨਾਲ ਕੁਝ ਵੀ ਨਹੀਂ ਬਦਲਿਆ। ਰੇਤ ਮਾਫੀਆ, ਟਰਾਂਸਪੋਰਟ ਮਾਫੀਆ, ਸ਼ਰਾਬ ਮਾਫੀਆ, ਨਸ਼ਾ ਮਾਫੀਆ ਆਦਿ ਉਸੇ ਤਰ੍ਹਾਂ ਚੱਲ ਰਿਹਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਦੋਸ਼ੀ, ਸਾਜਿਸ਼ਘਾੜੇ ਅਤੇ ਸੰਗਤ 'ਤੇ ਗੋਲੀ ਚਲਾਉਣ ਵਾਲੇ ਸਭ ਆਜ਼ਾਦ ਘੁੰਮ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਬਦਲਣ ਨਾਲ ਕੇਵਲ ਪੱਗਾਂ ਦੇ ਰੰਗ ਬਦਲੇ ਹਨ ਜਾਂ ਪੰਜਾਬ ਦੇ ਲੋਕਾਂ ਵਲੋਂ ਪੁਲਸ ਤੋਂ ਕੁੱਟ ਖਾਣ ਦੀ ਥਾਂ ਬਦਲੀ ਹੈ। ਪਹਿਲਾਂ ਪੰਜਾਬ ਦੇ ਲੋਕ ਆਪਣੇ ਹੱਕ ਮੰਗਦੇ ਹੋਏ ਬਠਿੰਡਾ ਵਿਚ ਕੁੱਟ ਖਾਂਦੇ ਸਨ ਅਤੇ ਹੁਣ ਪਟਿਆਲਾ 'ਚ ਡਾਂਗਾਂ ਖਾਂਦੇ ਹਨ। ਰਾਘਵ ਚੱਢਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੈਪਟਨ ਅਮਰਿੰਦਰ ਸਿੰਘ ਦੇ ਗੱਠਜੋੜ ਨੂੰ ਦੇਖ ਲਿਆ ਹੈ ਅਤੇ ਪੰਜਾਬ ਵਾਸੀ ਸਰਕਾਰ ਬਦਲਣ ਲਈ ਤਤਪਰ ਹਨ।

# ਭਾਰੀ ਬਰਸਾਤਾਂ, ਤੂਫ਼ਾਨ, ਹੜ੍ਹਾਂ ਦੇ ਖਤਰੇ ਤੋਂ ਪਬਲਿਕ ਨੂੰ ਬਚਾਉਣ ਲਈ ਤਿਆਰੀ ਹੋਵੇ

**ਪਟਿਆਲਾ, 14 ਜੁਲਾਈ -ਰਜਨੀਸ਼- -ਨਿਊਜ਼ਲਾਈਨ ਐਕਸਪ੍ਰੈਸ-**

ਭਾਰੀ ਬਰਸਾਤਾਂ, ਤੂਫਾਨਾ ਅਤੇ ਹੜਾ ਕਾਰਨ ਪਹਾੜੀ ਇਲਾਕਿਆਂ ਵਿੱਚ ਭਾਰੀ ਤਬਾਹੀ ਹੋ ਰਹੀ ਹੈ ਅਤੇ ਸਰਕਾਰਾਂ ਵਲੋਂ ਰੈੱਡ ਜਾ ਯੇਲੋ ਅਲਰਟ ਜਾਰੀ ਕੀਤੇ ਹਨ ਲੋਕਾਂ ਨੂੰ ਤੂਫਾਨ ਜਾ ਹੜ ਆਉਣ ਤੇ ਸਾਵਧਾਨ ਅਤੇ ਸੁਰੱਖਿਆ ਰਹਿਣ ਅਤੇ ਐਨ ਡੀ ਆਰ ਐਫ, ਫਾਇਰ ਬ੍ਰਿਗੇਡ ਮੈਡੀਕਲ ਸਟਾਫ ਸਿਵਲ ਡਿਫੈਂਸ ਪੁਲਿਸ ਜਵਾਨਾਂ ਅਤੇ ਰਾਹਤ ਕਾਰਜਾਂ ਵਿੱਚ ਮਦਦ ਕਰਨ ਵਾਲੇ ਅਦਾਰਿਆਂ ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਤਿਆਰ ਰਹਿਣ ਲਈ ਕਿਹਾ ਜਾ ਰਿਹਾ ਹੈ। ਇਸ ਸਬੰਧ ਵਿੱਚ ਪਟਿਆਲਾ ਦੇ ਫਸਟ ਏਡ ਸਿਹਤ ਸੇਫਟੀ ਮਿਸਨ ਦੇ ਚੀਫ ਟਰੇਨਰ ਸ੍ਰੀ ਕਾਕਾ ਰਾਮ ਵਰਮਾ ਅਤੇ ਡਾਕਟਰ ਨੀਰਜ ਭਾਰਦਵਾਜ ਪ੍ਰਿੰਸੀਪਲ ਭਾਈ ਘਨੱਈਆ ਮੈਡੀਕਲ ਇੰਸਟੀਚਿਊਟ ਪਟਿਆਲਾ ਵਲੋ ਡਿਪਟੀ ਕਮਿਸਨਰ ਪਟਿਆਲਾ ਜੀ ਨੂੰ ਅਪੀਲ ਪੱਤਰ ਭੇਜਕੇ ਬੇਨਤੀ ਕੀਤੀ ਹੈ ਕਿ ਜਿਲਾ ਵਾਸੀਆ ਨੂੰ ਸੰਕਟ ਸਮੇ ਬਚਾਉਣ ਲਈ ਸਿਵਲ ਡਿਫੈਂਸ ਆਫਤ ਪ੍ਰਬੰਧਨ ਫਸਟ ਏਡ ਸੀਪੀਆਰ ਰੈੱਡ ਕਰਾਸ ਫਾਇਰ ਸੇਫਟੀ ਰੈਸਕਿਯੂ ਡੁਬਦੇ ਨੂੰ ਬਾਹਰ ਕੱਢਣ ਅਤੇ ਪੀੜਤਾਂ ਦੀ ਜਾਨਾ ਬਚਾਉਣ, ਮਲਵੇ ਵਿਚੋਂ ਪੀੜਤਾਂ ਨੂੰ ਰੈਸਕਿਯੂ ਕਰਨ ਹਿਤ ਪ੍ਰਸ਼ਾਸਨ ਸਬੰਧਤ ਵਿਭਾਗ ਸਥਾਨਕ ਲੋਕਾਂ ਐਨ ਐਸ ਐਸ, ਐਨ ਸੀ ਸੀ, ਨੈਹਰੂ ਯੁਵਕ ਸੇਵਾਵਾਂ ਰੈੱਡ ਕਰਾਸ ਨਾਲ ਜੁੜੇ ਨੋਜਵਾਨਾਂ ਅਤੇ ਗੋਤਾਖੋਰਾਂ ਰਾਹੀਂ ਮੋਕ ਡਰਿੱਲਾ ਕਰਵਾਕੇ ਆਮ ਲੋਕਾਂ ਨੂੰ ਕੁਦਰਤੀ ਆਫਤਾਂ ਸਮੇਂ ਬਚਾਓ ਸੁਰੱਖਿਆ ਮਦਦ ਹਿਤ ਸਿੱਖਿਅਕ ਕਰਨ ਅਤੇ ਲੋਕਾਂ ਦੀ ਹੌਸਲਾ ਅਫਜ਼ਾਈ ਕੀਤੀ ਜਾਵੇ। ਸ੍ਰੀ ਕਾਕਾ ਰਾਮ ਵਰਮਾ ਨੇ ਦੱਸਿਆ ਕਿ ਬਹੁਤ ਤੇਜ ਬਰਸਾਤਾਂ ਤੂਫਾਨ ਹੜਾ ਸਮੇ ਅਚਾਨਕ ਇਮਾਰਤਾਂ ਦਰਖਤ ਖੰਬੇ ਪੁੱਲ ਬਿਜਲੀ ਦੀਆ ਤਾਰਾ ਡਿਗਦੀਆ ਹਨ, ਅਸਮਾਨੀ ਬਿਜਲੀ ਡਿਗਦੀ, ਗੈਸਾਂ ਲੀਕ ਹੋ ਸਕਦੀਆ, ਕਰੰਟ ਲਗਦੇ, ਨਦੀਆਂ ਨਾਲਿਆਂ ਖੱਡਿਆ ਵਿਚ ਲੋਕਾਂ ਡਿਗਦੇ ਅੱਗਾ ਲਗਦੀਆ, ਜਹਿਰੀਲੇ ਜਾਨਵਰਾਂ ਵਲੋ ਕੱਟਣਾ, ਰਸਤਿਆ ਵਿੱਚ ਪਾਣੀ ਖੜਨਾ ਅਤੇ ਕਈ ਹੋਰ ਸਮਸਿਆਵਾਂ ਆਉਣ ਸਮੇਂ ਹਾਦਸੇ ਵਾਲੀ ਥਾ ਪੁਲਿਸ ਫਾਇਰ ਬ੍ਰਿਗੇਡ ਐਬੂਲੈਸ ਦੇ ਪਹੁੰਚਣ ਤੋਂ ਪਹਿਲਾਂ ਸਥਾਨਕ ਲੋਕ ਅਤੇ ਐਨ ਐਸ ਐਸ, ਐਨ ਸੀ ਸੀ ਨੈਹਰੂ ਯੁਵਕ ਸੇਵਾਵਾਂ ਅਤੇ ਸਮਾਜ ਸੇਵੀ ਸੰਸਥਾਵਾ ਦੇ ਨੋਜਵਾਨਾਂ ਵਲੋਂ ਰਾਹਤ ਕਾਰਜਾਂ ਅਤੇ ਜਾਨੀ ਮਾਲੀ ਨੁਕਸਾਨ ਘਟ ਕਰਨ ਹਿਤ ਵੱਡਾ ਯੋਗਦਾਨ ਪਾਇਆ ਜਾ ਸਕਦਾ ਹੈ। ਕੈਪਾਂ ਦੋਰਾਨ ਨੋਜਵਾਨਾ ਨੂੰ ਆਫਤ ਪ੍ਰਬੰਧਨ ਸਿਵਲ ਡਿਫੈਂਸ ਫਸਟ ਏਡ ਸੀਪੀਆਰ ਫਾਇਰ ਸੇਫਟੀ ਰੈਸਕਿਯੂ ਆਦਿ ਦੀ ਟਰੇਨਿੰਗ ਹੁੰਦੀ ਰਹਿੰਦੀ ਹੈ ਅਤੇ ਨੋਜਵਾਨ ਸੰਕਟ ਸਮੇ ਪੀੜਤਾਂ ਦੀ ਮਦਦ ਕਰਨ ਲਈ ਹਮੇਸ਼ਾ ਤਿਆਰ ਰਹਿੰਦੇ ਹਨ। ਆਰਮੀ ਜਵਾਨਾਂ ਨੂੰ ਦੱਸਿਆ ਜਾਂਦਾ ਹੈ ਕਿ ਟਰੇਨਿੰਗ ਦੋਰਾਨ ਕੀਤੇ ਲਗਾਤਾਰ ਪ੍ਰੈਕਟੀਕਲ ਅਭਿਆਸ ਅਤੇ ਵੱਧ ਤੋਂ ਵੱਧ ਬਹਾਏ ਪਸੀਨੇ ਨਾਲ ਸੰਕਟ ਆਫਤ ਜੰਗ ਸਮੇ ਬਹੁਤ ਬਚਾਓ ਹੁੰਦਾ ਅਤੇ ਜਾਨੀ ਮਾਲੀ ਨੁਕਸਾਨ ਬਹੁਤ ਘੱਟ ਹੁੰਦੇ ਹਨ।




## ਸ.ਫ਼ਾ 1 ਦੀ ਬਾਕੀ

## ਭੋਗਪੁਰ ਸਹਿਕਾਰੀ ਖੰਡ ਮਿੱਲ ਵਿਖੇ 30 ਕਰੋੜ ਰੁਪਏ ਦੀ ਲਾਗਤ ਨਾਲ ਲੱਗੇਗਾ ਬਾਇਓ ਸੀ.ਐਨ.ਜੀ. ਪ੍ਰਾਜੈਕਟ: ਸੁਖਜਿੰਦਰ ਸਿੰਘ ਰੰਧਾਵਾ

(ਸ.ਫ਼ਾ 1 ਦੀ ਬਾਕੀ)

ਦੀ ਲੜੀ ਵਿੱਚ ਸੂਬੇ ਵਿੱਚ ਲੱਗਣ ਵਾਲਾ ਇਹ ਦੂਜਾ ਪ੍ਰਾਜੈਕਟ ਹੋਵੇਗਾ, ਇਸ ਤੋਂ ਪਹਿਲਾਂ ਬਟਾਲਾ ਸਹਿਕਾਰੀ ਖੰਡ ਮਿੱਲ ਵਿਖੇ ਇਹ ਪ੍ਰਾਜੈਕਟ ਲਗਾਇਆ ਜਾ ਰਿਹਾ ਹੈ। ਮੈਸਰਜ਼ ਆਈ.ਐਸ.ਡੀ. ਇਨਫਰਾਸਟਰਕਾਚਰ ਐਲ.ਐਲ.ਪੀ., ਦਿੱਲੀ ਵੱਲੋਂ ਭੋਗਪੁਰ ਵਿਖੇ 30 ਕਰੋੜ ਦੀ ਲਾਗਤ ਨਾਲ ਲਗਾਏ ਜਾ ਰਹੇ ਇਸ ਪ੍ਰਾਜੈਕਟ ਦੇ ਲੱਗਣ ਨਾਲ ਖੰਡ ਮਿੱਲ ਨੂੰ ਸਾਲਾਨਾ ਘੱਟੋ-ਘੱਟ 75 ਲੱਖ ਰੁਪਏ ਦੀ ਕਮਾਈ ਹੋਵੇਗੀ ਜਿਸ ਵਿੱਚ ਮਿੱਲ ਦੀ ਸਮਰੱਥਾ ਵਿੱਚ ਵਾਧੇ ਦੇ ਅਨੁਪਾਤ ਅਨੁਸਾਰ ਵਾਧਾ ਹੁੰਦਾ ਰਹੇਗਾ। ਸਹਿਕਾਰਤਾ ਮੰਤਰੀ ਨੇ ਅੱਜ ਇਸ ਕੰਪਨੀ ਦੇ ਗਰੁੱਪ ਸੀ.ਐਮ.ਡੀ. ਹਰਜੀਤ ਸਿੰਘ ਚੱਢਾ ਅਤੇ ਨੁਮਾਇੰਦਿਆਂ ਦਲਜੋਤ ਸਿੰਘ ਚੱਢਾ ਤੇ ਗੁਰਵੰਚ ਸਿੰਘ ਚੱਢਾ ਨੂੰ ਕੰਮ ਸੌਂਪਣ ਦਾ ਪੱਤਰ ਸੌਂਪਿਆ।

ਇਸ ਤੋਂ ਪਹਿਲਾਂ ਬਟਾਲਾ ਵਿਖੇ ਮੈਸਰਜ਼ ਮਾਤਰਾ ਐਨਰਜੀ ਪ੍ਰਾਈਵੇਟ ਲਿਮਟਿਡ ਮੇਰਠ ਵੱਲੋਂ ਬਾਇਓ ਸੀ.ਐਨ.ਜੀ. ਪ੍ਰਾਜੈਕਟ ਲਗਾਇਆ ਜਾ ਰਿਹਾ ਹੈ ਅਤੇ ਮਿੱਲ ਨੂੰ ਸਾਲਾਨਾ ਘੱਟੋ-ਘੱਟ 50 ਲੱਖ ਰੁਪਏ ਕਮਾਈ ਹੋਵੇਗੀ। ਇਨ੍ਹਾਂ ਪ੍ਰਾਜੈਕਟਾਂ ਦੀ ਸਮਰੱਥਾ ਅਨੁਸਾਰ ਰੋਜ਼ਾਨਾ 100 ਟਨ ਪ੍ਰੈਸ ਮੱਡ ਦੀ ਪ੍ਰਾਸੈਸਿੰਗ ਕੀਤੀ ਜਾ ਸਕੇਗੀ।

ਸਹਿਕਾਰਤਾ ਮੰਤਰੀ ਨੇ ਅੱਗੇ ਦੱਸਿਆ ਕਿ ਇਨ੍ਹਾਂ ਪ੍ਰਾਜੈਕਟਾਂ ਦੇ ਲੱਗਣ ਨਾਲ ਸਹਿਕਾਰੀ ਖੰਡ ਮਿੱਲਾਂ ਵਿੱਚ ਨਾ ਕੇਵਲ ਗੰਨੇ ਦੀ ਮੈਲ ਦੇ ਨਿਪਟਾਰੇ ਲਈ ਆਉਂਦੀਆਂ ਮੁਸ਼ਕਲਾਂ ਤੋਂ ਰਾਹਤ ਮਿਲੇਗੀ ਬਲਕਿ ਇਸ ਨਾਲ ਮਿੱਲਾਂ ਨੂੰ ਵਾਧੂ ਆਮਦਨ ਦੇ ਨਾਲ-ਨਾਲ ਗਰੀਨ ਐਨਰਜੀ ਦੀ ਪੈਦਾਵਾਰ ਵਿੱਚ ਵਾਧਾ ਹੋਵੇਗਾ। ਗੰਨੇ ਦੀ ਮੈਲ ਤੋਂ ਇਲਾਵਾ ਖੇਤੀਬਾੜੀ ਦੀ ਰਹਿੰਦ ਖੂੰਹਦ ਜਿਵੇਂ ਕਿ ਗੰਨੇ ਦੀ ਆਗ ਪੱਤੀ, ਮੁਰਗੀ ਫਾਰਮਾਂ ਅਤੇ ਸਬਜ਼ੀ ਅਤੇ ਫਲਾਂ ਦੀ ਦੀ ਰਹਿੰਦ-ਖੂੰਹਦ ਅਤੇ ਗੋਬਰ ਆਦਿ ਦਾ ਪ੍ਰਯੋਗ ਕਰਕੇ ਬਾਇਓ ਸੀ.ਐਨ.ਜੀ. (ਗਰੀਨ ਐਨਰਜੀ) ਗੈਸ ਦਾ ਉਤਪਾਦਨ ਕੀਤਾ ਜਾਵੇਗਾ। ਇਸ ਨਾਲ ਨਾ ਕੇਵਲ ਵਾਤਾਵਰਣ ਸਾਫ ਰੱਖਣ ਵਿੱਚ ਮੱਦਦ ਮਿਲੇਗੀ ਬਲਕਿ ਇਸ ਇਲਾਕੇ ਵਿੱਚ ਵਧੇਰੇ ਰੋਜ਼ਗਾਰ ਦੀ ਉਤਪਤੀ ਤੋਂ ਇਲਾਵਾ ਕਿਸਾਨਾਂ ਅਤੇ ਖੇਤੀਬਾੜੀ ਦੇ ਸਹਿਯੋਗੀ ਧੰਦੇ ਕਰ ਰਹੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ।

ਬਾਇਓ ਸੀ.ਐਨ.ਜੀ.ਦੇ ਉਤਪਾਦਨ ਉਪਰੰਤ ਬਚੀ ਰਹਿੰਦ ਖੂੰਹਦ ਦੀ ਜੈਵਿਕ ਖਾਦ ਵੱਜੋਂ ਵਰਤੋ ਕੀਤੀ ਜਾਵੇਗੀ। ਇਸ ਪ੍ਰਾਜੈਕਟ ਨੂੰ ਭੋਗਪੁਰ ਸਹਿਕਾਰੀ ਖੰਡ ਮਿੱਲ ਤੋਂ ਇਲਾਵਾ ਨਕੋਦਰ ਤੇ ਨਵਾਂਸ਼ਹਿਰ ਖੰਡ ਮਿੱਲਾਂ ਤੋਂ ਵੀ ਗੰਨੇ ਦੇ ਮੈਲ ਮੁਹੱਈਆ ਕਰਵਾਈ ਜਾਵੇਗੀ।

ਸ਼ੂਗਰਫੈਡ ਦੇ ਚੇਅਰਮੈਨ ਸ. ਅਮਰੀਕ ਸਿੰਘ ਆਲੀਵਾਲ ਨੇ ਅੱਗੇ ਦੱਸਿਆ ਕਿ ਸਹਿਕਾਰੀ ਖੰਡ ਮਿੱਲ ਭੋਗਪੁਰ ਵਿਖੇ ਪਿੜਾਈ ਸੀਜ਼ਨ ਉਪਰੰਤ ਬਗਾਸ, ਪਰਾਲੀ ਅਤੇ ਹੋਰ ਬਾਇਓ ਮਾਸ ਦੀ ਵਰਤੋਂ ਕਰਕੇ ਆਫ ਸੀਜ਼ਨ ਦੌਰਾਨ ਬਿਜਲੀ ਦਾ ਉਤਪਾਦਨ ਕਰਨ ਹਿੱਤ ਯੋਜਨਾ 'ਤੇ ਕੰਮ ਕੀਤਾ ਜਾ ਰਿਹਾ ਹੈ ਜਿਸ ਨਾਲ ਖੰਡ ਮਿੱਲ ਦੀ ਆਮਦਨ ਵੀ ਵਧੇਗੀ ਅਤੇ ਪਰਾਲੀ ਸਾੜਨ ਤੋਂ ਹੁੰਦੇ ਪ੍ਰਦੂਸ਼ਣ ਤੋਂ ਨਿਜਾਤ ਮਿਲੇਗੀ। ਇਸ ਤੋਂ ਇਲਾਵਾ ਕਿਸਾਨਾਂ ਦੀ ਆਮਦਨ ਵਿੱਚ ਵੀ ਵਾਧਾ ਹੋਵੇਗਾ।

ਵਿੱਤ ਕਮਿਸ਼ਨਰ ਸਹਿਕਾਰਤਾ ਕੇ.ਸਿਵਾ ਪ੍ਰਸਾਦ ਨੇ ਦੱਸਿਆ ਕਿ ਪਿਛਲੇ ਸਾਲਾਂ ਦੌਰਾਨ ਦੇਸ਼ ਅਤੇ ਕੌਮਾਂਤਰੀ ਪੱਧਰ ਤੇ ਖੰਡ ਸਨਅਤ ਵਿੱਚ ਆਏ ਮੰਦੇ ਦੇ ਬਾਵਜੂਦ ਸੂਬੇ ਵਿਚਲੀਆਂ ਵਿੱਚਲੀਆਂ ਸਹਿਕਾਰੀ ਖੰਡ ਮਿੱਲਾਂ ਨੂੰ ਮੌਜੂਦਾ ਸਮੇਂ ਦੀ ਲੋੜ ਅਨੁਸਾਰ ਸ਼ੂਗਰ ਕੰਪਲੈਕਸਾਂ ਜਿਨ੍ਹਾਂ ਵਿੱਚ ਚੀਨੀ ਦੇ ਉਤਪਾਦਨ ਤੋਂ ਇਲਾਵਾ ਇਥਾਨੋਲ, ਕੋ ਜੈਨਰੇਸ਼ਨ, ਬਾਇਓ ਸੀ.ਐਨ.ਜੀ. ਅਤੇ ਰਿਫਾਇੰਡ ਸ਼ੂਗਰ ਦਾ ਉਤਪਾਦਨ ਕਰਨ ਦੇ ਪ੍ਰਾਜੈਕਟਾਂ ਵਿੱਚ ਤਬਦੀਲ ਕਰਨ ਲਈ ਯੋਜਨਾ ਲਾਗੂ ਕੀਤੀ ਜਾ ਰਹੀ ਹੈ। ਇਸੇ ਲੜੀ ਤਹਿਤ ਗੁਰਦਾਸਪੁਰ ਅਤੇ ਬਟਾਲਾ ਵਿਖੇ ਨਵੇਂ ਸ਼ੂਗਰ ਪਲਾਂਟਾਂ ਅਤੇ ਡਿਸਟਿਲਰੀ ਦੀ ਸਥਾਪਨਾ ਕੀਤੀ ਜਾ ਰਹੀ ਹੈ।

ਸ਼ੂਗਰਫੈਡ ਦੇ ਐਮ.ਡੀ. ਸ੍ਰੀ ਪੁਨੀਤ ਗੋਇਲ ਨੇ ਦੱਸਿਆ ਕਿ ਗੰਨਾ ਕਾਸ਼ਤਕਾਰਾਂ ਨੂੰ ਨਵੀਆਂ ਅਤੇ ਵੱਧ ਝਾੜ ਵਾਲੀਆਂ ਕਿਸਮਾਂ ਦੇ ਸ਼ੁੱਧ ਬੀਜ ਦੀ ਉਪਲੱਬਧਤਾ ਤੋਂ ਇਲਾਵਾ ਗੰਨੇ ਦੀ ਕਾਸ਼ਤ ਸਬੰਧੀ ਆਧੁਨਿਕ ਤਕਨੀਕਾਂ ਬਾਰੇ ਜਾਣਕਾਰੀ ਅਤੇ ਸਿਖਲਾਈ ਦੇਣ ਲਈ ਕਲਾਨੌਰ ਵਿਖੇ ਗੁਰੂ ਨਾਨਕ ਦੇਵ ਗੰਨਾ ਵਿਕਾਸ ਅਤੇ ਖੋਜ ਕੇਂਦਰ ਦੀ ਸਥਾਪਨਾ ਕੀਤੀ ਗਈ ਹੈ। ਇਸ ਕੇਂਦਰ ਦਾ ਮੁੱਖ ਮੰਤਵ ਗੰਨੇ ਦੇ ਪ੍ਰਤੀ ਏਕੜ ਝਾੜ ਵਿੱਚ ਵਾਧਾ ਕਰਕੇ ਗੰਨਾਂ ਕਾਸ਼ਤਕਾਰਾਂ ਦੀ ਆਮਦਨ ਵਧਾਉਣ ਦਾ ਰੱਖਿਆ ਗਿਆ ਹੈ।

ਭੋਗਪੁਰ ਸਹਿਕਾਰੀ ਖੰਡ ਮਿੱਲ ਦੇ ਚੇਅਰਮੈਨ ਸ. ਪਰਮਵੀਰ ਸਿੰਘ ਨੇ ਮੁੱਖ ਮੰਤਰੀ, ਸਹਿਕਾਰਤਾ ਮੰਤਰੀ ਤੇ ਸ਼ੂਗਰਫੈਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਉਦਮਾਂ ਸਦਕਾ ਖੰਡ ਮਿੱਲ ਆਤਮ ਨਿਰਭਰ ਹੋਵੇਗੀ ਅਤੇ ਗੰਨਾ ਕਾਸ਼ਤਕਾਰਾਂ ਨੂੰ ਸਿੱਧਾ ਫਾਇਦਾ ਹੋਵੇਗਾ।

ਇਸ ਮੌਕੇ ਮਾਰਕਫੈਡ ਦੇ ਐਮ.ਡੀ. ਸ੍ਰੀ ਵਰੁਣ ਰੂਜ਼ਮ, ਮਿਲਕਫੈਡ ਦੇ ਐਮ.ਡੀ. ਸ੍ਰੀ ਕਮਲਦੀਪ ਸਿੰਘ ਸੰਘਾ, ਪੰਜਾਬ ਰਾਜ ਸਹਿਕਾਰੀ ਬੈਂਕ ਦੇ ਐਮ.ਡੀ. ਹਰਗੁਣਜੀਤ ਕੌਰ, ਪੰਜਾਬ ਰਾਜ ਖੇਤੀਬਾੜੀ ਵਿਕਾਸ ਬੈਂਕ ਦੇ ਐਮ.ਡੀ. ਸ੍ਰੀ ਰਾਜੀਵ ਗੁਪਤਾ, ਸ਼ੂਗਰਫੈਡ ਦੇ ਚੀਫ ਇੰਜਨੀਅਰ ਕੰਵਲਜੀਤ ਸਿੰਘ, ਭੋਗਪੁਰ ਸਹਿਕਾਰੀ ਖੰਡ ਮਿੱਲ ਦੇ ਸਮੂਹ ਬੋਰਡ ਆਫ ਡਾਇਰੈਕਟਰਜ਼ ਅਤੇ ਜਨਰਲ ਮੈਨੇਜਰ ਅਰੁਣ ਕੁਮਾਰ ਅਰੋੜਾ ਵੀ ਹਾਜ਼ਰ ਸਨ।

## ਨਾਭਾ ਜੇਲ੍ਹ ਅੰਦਰੋਂ ਬਣਵਾਈ ਸਰਕਾਰ ਦੇ ਨਾਮ 'ਤੇ ਵੈੱਬਸਾਈਟ, ਨੌਕਰੀਆਂ ਦੇ ਫਾਰਮ ਵੇਚ ਕੇ ਪੈਸੇ ਠੱਗਣ ਦੀ ਰਚੀ ਗਈ ਸਾਜ਼ਿਸ਼

(ਸ.ਫ਼ਾ 1 ਦੀ ਬਾਕੀ)

ਮਹਿਲਾ ਨਾਲ ਦੋਸਤੀ ਕੀਤੀ ਅਤੇ ਉਸ ਨੂੰ ਆਪਣੀ ਪਛਾਣ ਆਈਪੀਐੱਸ ਅਫਸਰ ਵੱਜੋਂ ਦੱਸੀ। ਸੁਨੀਲ ਨੇ ਵੀ ਆਪਣੀ ਪਛਾਣ ਸੀਬੀਆਈ ਅਧਿਕਾਰੀ ਵੱਜੋਂ ਦੱਸੀ। ਨਾਭਾ ਐੱਸਐੱਚਓ ਸੁਰਿੰਦਰ ਭੱਲਾ ਨੇ ਦੱਸਿਆ ਕਿ ਇਹ ਮਹਿਲਾ ਆਈਟੀ ਮਾਹਿਰ ਹੈ ਅਤੇ ਉਸ ਨੇ ਆਪਣੇ ਭਰਾ ਨਾਲ ਮਿਲ ਕੇ ਉਨ੍ਹਾਂ ਦੋਵਾਂ ਮੁਲਜ਼ਮਾਂ ਦੇ ਕਹਿਣ 'ਤੇ ਵੈੱਬਸਾਈਟ ਬਣਾਈ ਅਤੇ ਇਸ ਦਾ ਸਾਰਾ ਡਿਜ਼ਾਈਨ ਐੱਨਡੀਆਰਐੱਫ ਦੀ ਵੈਬੱਸਾਈਟ ਤੋਂ ਲਿਆ। ਇਸ ਸਾਰੇ ਕੰਮ ਲਈ ਇਸ ਮਹਿਲਾ ਨੂੰ 75 ਹਾਜ਼ਰ ਰੁਪਏ ਦੀ ਅਦਾਇਗੀ ਵੀ ਕੀਤੀ ਗਈ ਅਤੇ ਇਸ ਦੇਣ ਲੈਣ ਵਿੱਚ ਹਿਮਾਂਸ਼ੂ ਮੱਕੜ ਰਾਹੀਂ ਕੀਤਾ ਗਿਆ, ਜਿਸ ਦੀ ਪੁਲੀਸ ਨੂੰ ਭਾਲ ਹੈ।

ਪੁਲੀਸ ਮੁਤਾਬਕ ਜੇਲ੍ਹ ਵਿੱਚੋਂ ਚਲਦੀ ਇਸ ਸਾਜਸ਼ਿ ਸਬੰਧੀ ਪੁਲੀਸ ਨੂੰ ਗੁਪਤ ਸੂਚਨਾ ਪ੍ਰਾਪਤ ਹੋਈ ਸੀ ਕਿ ਜੋ ਮੋਬਾਈਲ ਨੰਬਰ ਇਸ ਵੈੱਬਸਾਈਟ ਉੱਪਰ ਦਿੱਤਾ ਹੋਇਆ ਹੈ ਉਹ ਨਾਭਾ ਜੇਲ੍ਹ ਵਿੱਚੋਂ ਇਸਤੇਮਾਲ ਹੋ ਰਿਹਾ ਹੈ। ਪੜਤਾਲ ਦੌਰਾਨ ਇਹ ਮੋਬਾਈਲ ਨੰਬਰ ਅਤੇ ਇੱਕ ਫੋਨ ਅਮਨ ਕੁਮਾਰ ਕੋਲੋਂ ਬਰਾਮਦ ਕਰਕੇ ਉਸ ਤੋਂ ਪੁੱਛ ਪੜ ਛਾਲ ਕੀਤੀ ਗਈ। ਪੁਲੀਸ ਨੇ ਦੋਵਾਂ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਕੋਵਿਡ ਨੇਮਾਂ ਦਾ ਉਲੰਘਣ ਨਾ ਕਰਨ ਲੋਕ: ਮੋਦੀ

(ਸ.ਫ਼ਾ 1 ਦੀ ਬਾਕੀ)

ਨਹੀਂ ਕੀਤਾ ਜਾ ਸਕਦਾ।" ਪ੍ਰਧਾਨ ਮੰਤਰੀ ਇਥੇ ਅੱਠ ਉੱਤਰ-ਪੂਰਬੀ ਰਾਜਾਂ ਦੇ ਮੁੱਖ ਮੰਤਰੀਆਂ ਨਾਲ ਵਰਚੁਅਲ ਮੀਟਿੰਗ ਕਰਨ ਮੌਕੇ ਸੰਬੋਧਨ ਕਰ ਰਹੇ ਸਨ। ਸ੍ਰੀ ਮੋਦੀ ਨੇ ਕਿਹਾ ਕਿ ਖੇਤਰ ਦੇ ਕੁਝ ਜ਼ਿਲ੍ਹਿਆਂ ਵਿੱਚ ਕੋਵਿਡ-19 ਹਾਲਾਤ ਚਿੰਤਾਜਨਕ ਹਨ। ਉਨ੍ਹਾਂ ਮੁੱਖ ਮੰਤਰੀਆਂ ਨੂੰ ਅਪੀਲ ਕੀਤੀ ਕਿ ਉਹ ਚੌਕਸ ਰਹਿਣ ਤੇ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਫੌਰੀ ਕਦਮ ਚੁੱਕਣ। ਪ੍ਰਧਾਨ ਮੰਤਰੀ ਨੇ ਕਿਹਾ ਕਿ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਬਹੁਤ ਹੇਠਲੇ ਪੱਧਰ 'ਤੇ ਸਖਤ ਪੇਸ਼ਕਦਮੀ ਦੀ ਲੋੜ ਹੈ। ਉਨ੍ਹਾਂ ਮਾਈਕਰੋ-ਕੰਟੇਨਮੈਂਟ ਜ਼ੋਨਾਂ ਬਣਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਕਰੋਨਾਵਾਇਰਸ ਦੇ ਤੇਜੀ ਨਾਲ ਬਦਲੇ ਰੂਪਾਂ ਦੇ ਹਵਾਲੇ ਨਾਲ ਪ੍ਰਧਾਨ ਮੰਤਰੀ ਨੇ ਸਲਾਹ ਦਿੱਤੀ ਕਿ ਕੋਵਿਡ-19 ਵਾਇਰਸ ਦੀਆਂ ਸਾਰੀਆਂ ਕਿਸਮਾਂ ਤੇ ਇਨ੍ਹਾਂ ਵਿਚ ਆਉਂਦੇ ਬਦਲਾਵਾਂ 'ਤੇ ਸਖਤੀ ਨਾਲ ਨਜ਼ਰ ਰੱਖੀ ਜਾਵੇ। ਉਨ੍ਹਾਂ ਕਿਹਾ ਕਿ ਸਮਾਜਿਕ ਦੂਰੀ, ਮਾਸਕ ਤੇ ਵੈਕਸੀਨ ਅਤੇ ਟੈਸਟਿੰਗ, ਟਰੈਕਿੰਗ ਤੇ ਟਰੀਟਮੈਂਟ ਦਾ ਰਾਹ ਠੋਕ ਵਜਾ ਕੇ ਪਰਖੀ ਰਣਨੀਤੀ ਹੈ। ਸ੍ਰੀ ਮੋਦੀ ਨੇ ਕਿਹਾ, "ਇਹ ਗੱਲ ਸੱਚ ਹੈ ਕਿ ਸੈਰ-ਸਪਾਟਾ, ਵਪਾਰ ਤੇ ਕਾਰੋਬਾਰਾਂ ਨੂੰ ਕਰੋਨਾਵਾਇਰਸ ਕਰਕੇ ਵੱਡੀ ਮਾਰ ਪਈ ਹੈ। ਪਰ ਅੱਜ ਮੈਂ ਇਹ ਗੱਲ ਜ਼ੋਰ ਦੇ ਕੇ ਕਹਾਂਗਾ ਕਿ ਹਿੱਲ ਸਟੇਸ਼ਨਾਂ ਤੇ ਬਾਜ਼ਾਰਾਂ ਵਿੱਚ ਵੱਡੀ ਗਿਣਤੀ ਲੋਕਾਂ ਦਾ ਬਿਨਾਂ ਮਾਸਕਾਂ ਤੋਂ ਜੁੜਨਾ ਫਕਿਰਮੰਦੀ ਦਾ ਵਿਸ਼ਾ ਹੈ ਤੇ ਇਹ ਵਰਤਾਰਾ ਠੀਕ ਨਹੀਂ ਹੈ।" ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਤਰਕ ਤੋਂ ਦੂਰ ਰਹਿਣ ਕੇ 'ਕਰੋਨਾਵਾਇਰਸ ਦੀ ਤੀਜੀ ਲਹਿਰ ਤੋਂ ਪਹਿਲਾਂ ਅਨੰਦ ਲੈਣਾ ਚਾਹੁੰਦੇ ਹਾਂ।' ਉਨ੍ਹਾਂ ਕਿਹਾ, 'ਲੋਕਾਂ ਨੂੰ ਇਹ ਗੱਲ ਸਮਝਾਉਣੀ ਜ਼ਰੂਰੀ ਹੈ ਕਿ ਤੀਜੀ ਲਹਿਰ ਖੁਦ ਬਖੁਦ ਨਹੀਂ ਆਏਗੀ।"

## ਪੰਜਾਬ ਪੁਲਿਸ ਵੱਲੋਂ ਮੱਧ ਪ੍ਰਦੇਸ਼ ਵਿੱਚ ਚੱਲ ਰਹੇ ਗੈਰ ਕਾਨੂੰਨੀ ਹਥਿਆਰਾਂ ਦੇ ਇੱਕ ਹੋਰ ਮਡਿਊਲ ਦਾ ਪਰਦਾਫਾਸ਼; 39 ਪਿਸਤੌਲਾਂ ਸਮੇਤ ਦੋ ਵਿਅਕਤੀ ਕਾਬੂ

(ਸ.ਫ਼ਾ 1 ਦੀ ਬਾਕੀ)

ਜ਼ਿਕਰਯੋਗ ਹੈ ਕਿ ਇਹ ਸਫ਼ਲਤਾ ਕਪੂਰਥਲਾ ਪੁਲਿਸ ਵੱਲੋਂ ਬੜਵਾਨੀ, ਮੱਧ ਪ੍ਰਦੇਸ਼ ਤੋਂ ਮੁੱਖ ਸਪਲਾਇਰ ਦੀ ਗ੍ਰਿਫਤਾਰੀ ਨਾਲ ਇਕ ਗੈਰ-ਕਾਨੂੰਨੀ ਹਥਿਆਰਾਂ ਦੇ ਸਪਲਾਈ ਨੈਟਵਰਕ ਦਾ ਪਰਦਾਫਾਸ਼ ਕੀਤੇ ਜਾਣ ਦੇ ਚਾਰ ਦਿਨਾਂ ਬਾਅਦ ਹਾਸਲ ਹੋਈ ਹੈ। ਦੱਸਣਯੋਗ ਹੈ ਕਿ ਪੰਜਾਬ ਪੁਲਿਸ ਵੱਲੋਂ ਪਿਛਲੇ 8 ਮਹੀਨਿਆਂ ਵਿੱਚ ਬੇਨਕਾਬ ਕੀਤਾ ਗਿਆ ਇਹ ਮੱਧ ਪ੍ਰਦੇਸ਼ ਦਾ ਅਜਿਹਾ ਚੌਥਾ ਮਡਿਊਲ ਹੈ। ਇਸ ਤੋਂ ਪਹਿਲਾਂ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਵਿਅਕਤੀਆਂ, ਜੋ ਪੰਜਾਬ ਵਿੱਚ ਗੈਂਗਸਟਰਾਂ, ਅਪਰਾਧੀਆਂ ਅਤੇ ਕੱਟੜਪੰਥੀਆਂ ਨੂੰ ਹਥਿਆਰ ਸਪਲਾਈ ਕਰ ਰਹੇ ਸਨ, ਦੀ ਗ੍ਰਿਫ਼ਤਾਰੀ ਨਾਲ ਮੱਧ ਪ੍ਰਦੇਸ਼ ਵਿੱਚ ਇੱਕ ਗੈਰ ਕਾਨੂੰਨੀ ਸਮਾਲ ਆਰਮਜ਼ ਮੈਨੂਫੈਕਚਰਿੰਗ ਯੂਨਿਟ ਸਮੇਤ ਅਜਿਹੇ ਦੋ ਮਡਿਊਲਾਂ ਦਾ ਪਰਦਾਫਾਸ਼ ਕੀਤਾ ਸੀ। ਇਹ ਚਿੰਤਾ ਜ਼ਾਹਰ ਕਰਦਿਆਂ ਕਿ ਮੱਧ ਪ੍ਰਦੇਸ਼ ਦੇ ਜ਼ਿਲ੍ਹਾ ਖੜਗੋਨ, ਬੜਵਾਨੀ ਅਤੇ ਬੁਰਹਾਨਪੁਰ ਦੇ ਖੇਤਰ ਬਿਹਤਰ ਕੁਆਲਟੀ ਦੇ .30 ਬੋਰ ਅਤੇ .32 ਬੋਰ ਹਥਿਆਰਾਂ ਦੇ ਨਿਰਮਾਣ ਅਤੇ ਦੇਸ਼ ਭਰ ਵਿੱਚ ਗੈਂਗਸਟਰਾਂ ਅਤੇ ਅਪਰਾਧੀਆਂ ਨੂੰ ਇਨ੍ਹਾਂ ਦੀ ਸਪਲਾਈ ਲਈ ਇੱਕ ਵੱਡੇ ਬੇਸ ਵਜੋਂ ਉੱਭਰ ਰਹੇ ਹਨ, ਡੀ.ਜੀ.ਪੀ. ਨੇ ਕਿਹਾ ਕਿ ਮੱਧ ਪ੍ਰਦੇਸ਼ ਵਿੱਚ ਗੈਰ ਕਾਨੂੰਨੀ ਹਥਿਆਰ ਬਣਾਉਣ ਵਾਲੀਆਂ ਇਕਾਈਆਂ ਦਾ ਪਰਦਾਫਾਸ਼ ਕਰਨ ਤੋਂ ਇਲਾਵਾ, ਪੰਜਾਬ ਪੁਲਿਸ ਦੀਆਂ ਵੱਖ ਵੱਖ ਇਕਾਈਆਂ ਨੇ ਇਸ ਤੋਂ ਪਹਿਲਾਂ ਸੂਬੇ 'ਚੋਂ ਮੱਧ ਪ੍ਰਦੇਸ਼ ਦੇ ਬਣੇ ਹੋਏ ਗੈਰ ਕਾਨੂੰਨੀ ਹਥਿਆਰਾਂ ਦੀਆਂ ਵੱਡੀਆਂ ਖੇਪਾਂ ਬਰਾਮਦ ਕੀਤੀਆਂ ਸਨ। ਪ੍ਰਾਪਤ ਜਾਣਕਾਰੀ ਅਨੁਸਾਰ ਪੰਜਾਬ ਪੁਲਿਸ ਵੱਲੋਂ ਸਤੰਬਰ, 2020 ਤੋਂ ਹੁਣ ਤੱਕ ਮੱਧ ਪ੍ਰਦੇਸ਼ ਦੇ ਬਣੇ ਹੋਏ ਤਕਰੀਬਨ 122 ਗੈਰ ਕਾਨੂੰਨੀ ਹਥਿਆਰ ਬਰਾਮਦ ਕੀਤੇ ਗਏ ਹਨ।

## ਜਾਂਚ ਅਜੇ ਜਾਰੀ ਹੈ; ਬਰਗਾੜੀ ਬੇਅਦਬੀ ਮਾਮਲੇ ਵਿੱਚ ਡੇਰਾ ਮੁਖੀ ਸਮੇਤ ਕਿਸੇ ਨੂੰ ਵੀ ਕਲੀਨ ਚਿੱਟ ਨਹੀਂ ਦਿੱਤੀ ਗਈ: ਐਸਆਈਟੀ ਚੀਫ ਪਰਮਾਰ

(ਸ.ਫ਼ਾ 1 ਦੀ ਬਾਕੀ)

ਜਾਣਕਾਰੀ ਫੈਲਾਉਣ ਖਿਲਾਫ ਸਾਵਧਾਨ ਕਰਦਿਆਂ ਐਸਆਈਟੀ ਚੀਫ ਨੇ ਮੀਡੀਆ ਅਤੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਕੋਈ ਵੀ ਬਿਨ੍ਹਾਂ ਪੁਸ਼ਟੀ ਵਾਲੀ ਰਿਪੋਰਟ ਨੂੰ ਪ੍ਰਕਾਸ਼ਤ ਕਰਨ ਤੋਂ ਪਹਿਲਾਂ ਜਾਂ ਕਿਸੇ ਵਿਰੁੱਧ ਕੋਈ ਗੈਰ-ਅਧਿਕਾਰਤ ਦੋਸ ਲਗਾਉਣ ਤੋਂ ਪਹਿਲਾਂ ਸੰਜਮ ਦੀ ਵਰਤੋਂ ਕਰਨ।

ਸ੍ਰੀ ਪਰਮਾਰ ਨੇ ਕਿਹਾ ਕਿ ਡੇਰਾ ਸੱਚਾ ਸੌਦਾ ਦੇ ਮੁਖੀ ਨੂੰ ਥਾਣਾ ਬਾਜਾਖਾਨਾ ਦੀ ਐਫਆਈਆਰ ਨੰਬਰ 63/2015 ਵਿਚ ਮੁਲਜਮ ਵਜੋਂ ਨਾਮਜਦ ਕੀਤਾ ਗਿਆ ਸੀ। ਉਹਨਾਂ ਅੱਗੇ ਕਿਹਾ ਕਿ ਇਸ ਮਾਮਲੇ ਵਿਚ ਵੀ ਉਕਤ ਐਸਆਈਟੀ ਵੱਲੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਕਿਸੇ ਨੂੰ ਵੀ ਕਲੀਨ ਚਿੱਟ ਨਹੀਂ ਦਿੱਤੀ ਗਈ।

ਜ਼ਿਕਰਯੋਗ ਹੈ ਕਿ ਬੇਅਦਬੀ ਸਬੰਧੀ ਕੇਸਾਂ ਦੀ ਜਾਂਚ ਲਈ ਗਠਿਤ ਵਿਸ਼ੇਸ ਐਸਆਈਟੀ ਨੇ ਪਿਛਲੇ ਸ਼ੁੱਕਰਵਾਰ ਨੂੰ ਜੇਐਮਆਈਸੀ ਫ਼ਰੀਦਕੋਟ ਦੀ ਅਦਾਲਤ ਵਿੱਚ ਐਫਆਈਆਰ 128/2015 ਦੇ ਤਹਿਤ ਬੇਅਦਬੀ ਦੇ ਇੱਕ ਕੇਸ ਵਿੱਚ ਪਹਿਲਾ ਚਲਾਨ ਪੇਸ਼ ਕੀਤਾ ਸੀ ਅਤੇ ਇਸ ਸਬੰਧੀ 6 ਮੁਲਜਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਇਸ ਕੇਸ ਦੀ ਅਗਲੀ ਸੁਣਵਾਈ 20 ਜੁਲਾਈ ਲਈ ਨਿਰਧਾਰਤ ਕੀਤੀ ਗਈ ਹੈ। ਇਹਨਾਂ ਛੇ ਮੁਲਜਮਾਂ ਵਿੱਚ ਸੁਖਜਿੰਦਰ ਸਿੰਘ ਉਰਫ ਸੰਨੀ, ਸਕਤੀ ਸਿੰਘ, ਬਲਜੀਤ ਸਿੰਘ, ਨਿਸਾਨ ਸਿੰਘ, ਰਣਜੀਤ ਸਿੰਘ ਉਰਫ ਭੋਲਾ ਅਤੇ ਪਰਦੀਪ ਸਿੰਘ ਸ਼ਾਮਲ ਹਨ, ਜਿਹਨਾਂ ਨੂੰ 16.05.2021 ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਐਸਆਈਟੀ ਦੁਆਰਾ ਕੀਤੀ ਗਈ ਜਾਂਚ ਅਨੁਸਾਰ, ਇਹ ਸਾਰੇ ਮੁੱਖ ਤੌਰ 'ਤੇ ਜੁਰਮ ਵਿੱਚ ਸ਼ਾਮਲ ਸਨ।

ਤਿੰਨ ਹੋਰ ਮੁਲਜਮ ਹਰਸ ਧੂਰੀ, ਸੰਦੀਪ ਬਰੇਟਾ ਅਤੇ ਪਰਦੀਪ ਕਲੇਰ ਪਹਿਲਾਂ ਹੀ ਥਾਣਾ ਬਾਜਾਖਾਨਾ ਵਿਖੇ ਦਰਜ ਐਫਆਈਆਰ ਨੰਬਰ 63 ਮਿਤੀ 2.06.2015 ਨੂੰ ਆਈਪੀਸੀ ਦੀ ਧਾਰਾ 380, 295-ਏ, 414, 451, 201, 120-ਬੀ ਵਿੱਚ ਭਗੌੜੇ ਹਨ। ਇਹ ਮੁਲਜਮ ਗ੍ਰਿਫਤਾਰੀ ਤੋਂ ਬੱਚ ਰਹੇ ਹਨ ਅਤੇ ਇਹਨਾਂ ਨੂੰ ਗ੍ਰਿਫਤਾਰ ਕਰਨ ਦੀ ਜਰੂਰਤ ਹੈ। ਇਹਨਾਂ ਦੀ ਗ੍ਰਿਫਤਾਰੀ ਨਾਲ ਪੂਰੀ ਸਾਜਿਸ ਦਾ ਪਰਦਾਫਾਸ਼ ਹੋਣ ਦੀ ਸੰਭਾਵਨਾ ਹੈ। ਐਸਆਈਟੀ ਦੇ ਮੁਖੀ ਨੇ ਅੱਗੇ ਕਿਹਾ ਕਿ ਅਗਲੇਰੀ ਜਾਂਚ ਦੌਰਾਨ ਹੋਰ ਮੁਲਜਮਾਂ ਦੀ ਭੂਮਿਕਾ ਵੀ ਸਪੱਸ਼ਟ ਹੋ ਜਾਵੇਗੀ।

## ਅਨਿਲ ਵਿਜ ਦੀ ਨਵਜੋਤ ਸਿੱਧੂ ਨੂੰ ਨਸੀਹਤ-ਨਿੱਤ ਦਲ ਬਦਲਣ ਨਾਲੋਂ ਆਪਣੀ ਹੀ ਪਾਰਟੀ ਬਣਾ ਲਓ

(ਸ.ਫ਼ਾ 1 ਦੀ ਬਾਕੀ)

ਅਨਿਲ ਵਿਜ ਨੇ ਨਵਜੋਤ ਸਿੰਘ ਸਿੱਧੂ ਨੂੰ ਸਲਾਹ ਦਿੱਤੀ ਹੈ ਕਿ ਉਹ ਆਪਣੀ ਹੀ ਪਾਰਟੀ ਬਣਾ ਲੈਣ, ਤਾਂ ਚੰਗਾ ਹੋਵੇਗਾ।

ਅਨਿਲ ਵਿਜ ਨੇ ਟਵੀਟ ਕੀਤਾ ਕਿ ਨਵਜੋਤ ਸਿੰਘ ਸਿੱਧੂ ਵਾਰ-ਵਾਰ ਦਲ ਬਦਲ ਕੇ ਦੂਜੀਆਂ ਪਾਰਟੀਆਂ ਵਿਚ ਜਾ ਕੇ ਉਨ੍ਹਾਂ ਨੂੰ ਖਰਾਬ ਕਰਨ ਦੀ ਬਜਾਏ ਚੰਗਾ ਹੈ ਕਿ ਉਹ ਆਪਣੀ ਹੀ ਪਾਰਟੀ ਬਣਾ ਲੈਣ। ਵਿਜ ਨੇ ਇਹ ਵੀ ਕਿਹਾ ਕਿ ਸਿੱਧੂ ਕਿਹੜੀ ਪਾਰਟੀ 'ਚ ਜਾਣਗੇ ਅਤੇ ਕਿਹੜੀ ਨਹੀਂ, ਇਹ ਉਨ੍ਹਾਂ ਦਾ ਨਿੱਜੀ ਮਾਮਲਾ ਹੈ ਪਰ ਮੈਂ ਤਾਂ ਉਨ੍ਹਾਂ ਨੂੰ ਸਲਾਹ ਦਿੰਦਾ ਹਾਂ ਕਿ ਉਹ ਵੱਖ ਤੋਂ ਆਪਣੀ ਪਾਰਟੀ ਬਣਾ ਲੈਣ। ਜ਼ਿਕਰਯੋਗ ਹੈ ਕਿ ਸਿੱਧੂ ਨੇ ਕੈਪਟਨ ਅਮਰਿੰਦਰ ਸਿੰਘ ਖ਼ਿਲਾਫ਼ ਬੇਅਬਦੀ ਅਤੇ ਬਿਜਲੀ ਸਮੇਤ ਵੱਖ-ਵੱਖ ਮੁੱਦਿਆਂ 'ਤੇ ਮੋਰਚਾ ਖੋਲ੍ਹਿਆ ਹੋਇਆ ਹੈ। ਇਸ ਦਰਮਿਆਨ ਮੰਗਲਵਾਰ ਨੂੰ ਸਿੱਧੂ ਨੇ ਵਿਰੋਧੀ ਧਿਰ ਦੀ ਪਾਰਟੀ 'ਆਪ' ਦੀ ਵੀ ਤਾਰੀਫ਼ ਕੀਤੀ। ਲੜੀਵਾਰ ਟਵੀਟ ਵਿਚ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਹੀ ਪੰਜਾਬ ਲਈ ਕੀਤੇ ਗਏ ਮੇਰੇ ਕੰਮਾਂ ਅਤੇ ਵਿਜ਼ਨ ਨੂੰ ਪਹਿਚਾਣਿਆ ਹੈ, ਚਾਹੇ ਉਹ 2017 ਤੋਂ ਪਹਿਲਾਂ ਮੇਰੇ ਵਲੋਂ ਚੁੱਕੇ ਗਏ ਬੇਅਦਬੀ ਮਾਮਲੇ, ਨਸ਼ੀਲੇ ਪਦਾਰਥ, ਕਿਸਾਨਾਂ ਦੀਆਂ ਪਰੇਸ਼ਾਨੀਆਂ, ਭ੍ਰਿਸ਼ਟਾਚਾਰ ਅਤੇ ਬਿਜਲੀ ਸੰਕਟ ਦੇ ਮੁੱਦੇ ਹੋਣ, ਜਿਨ੍ਹਾਂ ਦਾ ਸਾਹਮਣਾ ਪੰਜਾਬ ਦੀ ਜਨਤਾ ਨੂੰ ਕਰਨਾ ਪੈ ਰਿਹਾ ਹੈ ਜਾਂ ਫਿਰ ਅੱਜ ਜਿਸ ਤਰ੍ਹਾਂ ਮੈਂ 'ਪੰਜਾਬ ਮਾਡਲ' ਪੇਸ਼ ਕੀਤਾ ਹੈ। ਸਿੱਧੂ ਦੇ ਇਸ ਟਵੀਟ ਤੋਂ ਬਾਅਦ ਇਕ ਵਾਰ ਫਿਰ ਉਨ੍ਹਾਂ ਦੇ 'ਆਪ' ਪਾਰਟੀ 'ਚ ਸ਼ਾਮਲ ਹੋਣ ਨੂੰ ਲੈ ਕੇ ਅਟਕਲਾਂ ਦਾ ਦੌਰ ਤੇਜ਼ ਹੋ ਗਿਆ ਹੈ।

## ਮੁੱਖ ਮੰਤਰੀ ਵੱਲੋਂ 2.85 ਲੱਖ ਖੇਤ ਕਾਮਿਆਂ ਅਤੇ ਬੇਜ਼ਮੀਨੇ ਕਾਸ਼ਤਕਾਰਾਂ ਦਾ 590 ਕਰੋੜ ਰੁਪਏ ਦਾ ਕਰਜ਼ਾ ਮੁਆਫ ਕਰਨ ਦਾ ਐਲਾਨ

(ਸ.ਫ਼ਾ 1 ਦੀ ਬਾਕੀ)

1225 ਲਾਭਪਾਤਰੀਆਂ ਨੂੰ 20.71 ਕਰੋੜ ਰੁਪਏ ਦੀ ਕਰਜ਼ਾ ਮੁਆਫੀ ਦਿੱਤੀ ਗਈ।

ਇਸ ਮੀਟਿੰਗ ਵਿਚ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ, ਸਹਿਕਾਰਤਾ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ, ਵਧੀਕ ਮੁੱਖ ਸਕੱਤਰ (ਵਿਕਾਸ) ਅਨਿਰੁਧ ਤਿਵਾੜੀ ਅਤੇ ਵਿੱਤ ਕਮਿਸ਼ਨਰ ਸਹਿਕਾਰਤਾ ਕੇ. ਸਿਵਾ ਪ੍ਰਸਾਦ ਹਾਜਰ ਸਨ।

## ਚਢੂਨੀ ਖ਼ਿਲਾਫ਼ ਸੰਯੁਕਤ ਕਿਸਾਨ ਮੋਰਚਾ ਦਾ ਵੱਡਾ ਐਕਸ਼ਨ, ਹਫਤੇ ਲਈ ਕੀਤਾ ਸਸਪੈਂਡ

(ਸ.ਫ਼ਾ 1 ਦੀ ਬਾਕੀ)

ਹੈ ਕਿ ਚਢੂਨੀ ਰੋਕਣ ਦੇ ਬਾਵਜੂਦ ਹੀ ਸਿਆਸੀ ਬਿਆਨਬਾਜੀਆਂ ਕਰ ਰਹੇ ਸਨ। ਦੱਸ ਦੇਈਏ ਕਿ ਗੁਰਨਾਮ ਸਿੰਘ ਚਢੂਨੀ ਪਿਛਲੇ ਕਈ ਦਿਨਾਂ ਤੋਂ ਕਿਸਾਨ ਆਗੂਆਂ ਨੂੰ ਪੰਜਾਬ ਵਿਧਾਨ ਸਭਾ ਚੋਣਾਂ ਲੜਨ ਦਾ ਸੱਦਾ ਦੇ ਰਹੇ ਸਨ ਜਦਕਿ ਪੰਜਾਬ ਦੀਆਂ ਜਥੇਬੰਦੀਆਂ ਉਨ੍ਹਾਂ ਨੂੰ ਅਜਿਹੇ ਬਿਆਨ ਦੇਣ ਤੋਂ ਰੋਕ ਰਹੀਆਂ ਸਨ ਪਰ ਉਹ ਜਥੇਬੰਦੀਆਂ ਦੀ ਗੱਲ ਨਹੀਂ ਮੰਨ ਰਹੇ ਸਨ ਜਿਸ ਕਾਰਨ ਉਨ੍ਹਾਂ ਨੂੰ ਮੋਰਚੇ ਤੋਂ 7 ਦਿਨਾਂ ਲਈ ਸਸਪੈਂਡ ਕਰ ਦਿੱਤਾ ਗਿਆ ਹੈ।

# ਜਲ ਸਪਲਾਈ ਵਰਕਰਾਂ ਵੱਲੋਂ ਜ਼ੋਰਦਾਰ ਵਰਦੇ ਮੀਹ ਵਿੱਚ ਵੀ ਜਾਰੀ ਰਿਹਾ ਪ੍ਰਦਰਸ਼ਨ

**➢ ਮੋਤੀ ਮਹਿਲ ਮਾਰਚ ਦੌਰਾਨ ਵਾਈ. ਪੀ. ਐਸ. ਚੌਕ ਵਿਚ ਕਾਮਿਆਂ ਨੇ ਗੁਰਬਾਣੀ ਦਾ ਪਾਠ ਕਰਕੇ ਕੈਪਟਨ ਨੂੰ ਯਾਦ ਕਰਵਾਏ ਵਾਅਦੇ ➢ ਪ੍ਰਸ਼ਾਸਨ ਨੇ 22 ਜੁਲਾਈ ਨੂੰ ਜਲ ਸਪਲਾਈ ਮੰਤਰੀ ਦੀ ਦਿੱਤੀ ਲਿਖਤੀ ਪੈਨਲ ਮੀਟਿੰਗ**

**ਪਟਿਆਲਾ, 14 ਜੁਲਾਈ -ਵਰਮਾ- -ਨਿਊਜ਼ਲਾਈਨ ਐਕਸਪ੍ਰੈਸ-**



ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ (ਰਜਿ:ਨੰ.26) ਵੱਲੋਂ ਜਲ ਸਪਲਾਈ ਠੇਕਾ ਕਾਮਿਆਂ ਦਾ ਸਿੱਧਾ ਵਿਭਾਗੀ ਕੰਟਰੈਕਟ ਜਾਰੀ ਕਰਵਾਉਣ ਲਈ ਜਲ ਸਪਲਾਈ ਵਿਭਾਗ ਦੇ ਹੈਂਡ ਆਫਿਸ ਨਾਭਾ ਰੋਡ ਸਥਿਤ ਪਟਿਆਲਾ ਵਿਖੇ ਲਗਾਤਾਰ ਮੋਰਚਾ ਤੀਜੇ ਦਿਨ ਜਾਰੀ ਰਿਹਾ।ਇਸ ਉਪਰੰਤ ਪਹਿਲਾਂ ਕੀਤੇ ਐਲਾਨ ਮੁਤਾਵਿਕ ਸੂਬਾ ਪ੍ਰਧਾਨ ਸੰਦੀਪ ਸ਼ਰਮਾ, ਸੂਬਾ ਜਨਰਲ ਸਕੱਤਰ ਸੁਖਵਿੰਦਰ ਸਿੰਘ ਖਰਲ ਦੀ ਅਗਵਾਈ ਹੇਠ ਵਰਦੇ ਮੀਹ ਵਿੱਚ ਕਾਮਿਆਂ ਦਾ ਮੋਰਚਾ ਜੋਰਦਾਰ ਪ੍ਰਦਰਸ਼ਨ ਦੋਰਾਨ ਜਾਰੀ ਰਿਹਾ।ਮੀਡੀਆ ਨੂੰ ਜਾਣਕਾਰੀ ਦਿੰਦਿਆਂ ਸੂਬਾ ਮੀਤ ਪ੍ਰਧਾਨ ਹੰਸਾ ਸਿੰਘ ਬਰਨਾਲਾ, ਸੂਬਾ ਮੀਤ ਪ੍ਰਧਾਨ ਬਲਜਿੰਦਰ ਸਿੰਘ ਸਮਾਣਾ ਨੇ ਦੱਸਿਆ ਕਿ ਵਿਭਾਗ ਦੇ ਉੱਚ ਅਧਿਕਾਰੀਆਂ ਤੇ ਵਿਭਾਗ ਦੀ ਮੰਤਰੀ ਮੈਡਮ ਰਜੀਆ ਸੁਲਤਾਨਾ ਵੱਲੋਂ ਕਾਮਿਆਂ ਨਾਲ ਪੈਨਲ ਮੀਟਿੰਗ ਕਰਨ ਉਪਰੰਤ ਵਿਸਵਾਸ਼ ਦਵਾਇਆ ਸੀ ਕਿ ਕਾਮਿਆਂ ਦੀ ਮੁੱਖ ਮੰਗ ਇਨਲਿਸਟਮੈਂਟ ਰੱਦ ਕਰਕੇ ਸਿੱਧਾ ਕੰਟਰੈਕਟ ਜਾਰੀ ਕੀਤਾ ਜਾਵੇਗਾ।ਪਰ ਛੇ ਮਹੀਨੇ ਬੀਤ ਜਾਣ ਤੇ ਵੀ ਕੋਈ ਕਾਰਵਾਈ ਨਹੀਂ ਹੋਈ,ਉਨ੍ਹਾਂ ਕਿਹਾ ਕਿ ਕੱਲ੍ਹ ਵਿਭਾਗ ਦੇ ਡਿਪਟੀ ਡਾਇਰੈਕਟਰ ਨਾਲ ਮੀਟਿੰਗ ਕਰਨ ਤੋਂ ਬਾਅਦ ਇਹ ਸਪੱਸ਼ਟ ਹੋਇਆ ਹੈ ਕਿ ਪਾਲਿਸੀ ਮੈਟਰ ਤੇ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ ਜਿਸ ਕਰਕੇ ਵਰਕਰਾਂ ਵਿੱਚ ਹੋਰ ਵੀ ਨਿਰਾਸ਼ਾ ਪਾਈ ਗਈ ਹੈ।ਜਿਸ ਦੇ ਰੋਸ਼ ਵਜੋਂ ਅੱਜ ਪੰਜਾਬ ਸਰਕਾਰ ਦੇ ਮੋਤੀ ਮਹਿਲ ਵੱਲ ਨੂੰ ਰੋਸ਼ ਮਾਰਚ ਕੀਤਾ ਗਿਆ ਵੱਡੀ ਗਿਣਤੀ ਵਿਚ ਕਾਮਿਆਂ ਨੇ ਕਾਲੇ ਝੰਡੇ ਤੇ ਮਾਟੋਆਂ ਨਾਲ ਪੰਜਾਬ ਸਰਕਾਰ ਖਿਲਾਫ ਨਾਰੇਬਾਜੀ ਕੀਤੀ ਵਾਈ. ਪੀ. ਐਸ. ਚੌਕ ਵਿਚ ਪ੍ਰਸ਼ਾਸਨ ਵਲੋ ਰੋਕਣ ਦੇ ਬਾਵਜੂਦ ਸਮੁੱਚੇ ਕਾਮਿਆਂ ਨੇ ਬੈਠ ਕੇ ਗੁਟਕਾ ਸਾਹਿਬ ਤੋ ਗੁਰਬਾਣੀ ਦਾ ਪਾਠ ਕਰਕੇ ਕੈਪਟਨ ਸਰਕਾਰ ਨੂੰ ਆਪਣੇ ਵਾਅਦੇ ਯਾਦ ਕਰਵਾਏ। ਇਸ ਦੌਰਾਨ ਕਾਮਿਆ ਦੀਆਂ ਮੰਗਾਂ ਦੇ ਹੱਲ ਕਰਨ ਲਈ ਪ੍ਰਸ਼ਾਸਨ ਵਲੋ ਲਿਖਤੀ ਰੂਪ ਵਿਚ ਜਲ ਸਪਲਾਈ ਮੰਤਰੀ ਰਜੀਆਂ ਸੁਲਤਾਨਾ ਦੀ ਉੱਚ ਅਧਿਕਾਰੀਆ ਸਮੇਤ ਪੈਨਲ ਮੀਟਿੰਗ 22 ਜੁਲਾਈ 2021 ਨੂੰ ਚੰਡੀਗੜ ਵਿਖੇ ਦਿਤੀ ਗਈ ਇਸ ਦੌਰਾਨ ਪ੍ਰੈਸ ਸਕੱਤਰ ਜਸਵੀਰ ਸਿੰਘ ਸੀਰਾ ਅਤੇ ਸੂਬਾ ਖਜਾਨਚੀ ਦਵਿੰਦਰ ਸਿੰਘ ਨਾਭਾ ਨੇ ਕਿਹਾ ਜਥੇਬੰਦੀ ਵਲੋ ਐਲਾਨ ਕੀਤਾ ਕਿ ਜੇਕਰ ਇਸ ਮੀਟਿੰਗ ਦੌਰਾਨ ਵਰਕਰਾਂ ਦੇ ਭਵਿੱਖ ਸੰਬੰਧੀ ਠੋਸ ਹੱਲ ਨਾ ਕੀਤਾ ਗਿਆਂ ਜਾਂ ਕੋਈ ਵਾਅਦਾ ਖਿਲਾਫੀ ਕੀਤੀ ਗਈ ਤਾਂ ਇਸ ਤੋਂ ਵੀ ਤਿਖਾ ਸੰਘਰਸ਼ ਉਲੀਕਿਆ ਜਾ ਸਕਦਾ ਹੈ। ਜਿਸ ਦੀ ਜੁੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

ਇਸ ਮੌਕੇ ਰਮੇਸ਼ ਕੁਮਾਰ ਪਾਤੜਾਂ,ਰਾਮ ਸਿੰਘ ਲੋਧੀਨੰਗਲ, ਪਵਿੱਤਰ ਸਿੰਘ ਮੋਗਾ, ਦਰਸਵੀਰ ਸਿੰਘ ਹੁਸਿਆਰਪੁਰ, ਬਲਵੀਰ ਸਿੰਘ ਜਲੰਧਰ, ਛੋਟਾ ਸਿੰਘ ਪਟਿਆਲਾ, ਕਸਮੀਰ ਸਿੰਘ ਪਾਤੜਾਂ, ਜਸਵੀਰ ਸਿੰਘ ਮਾਨਸਾ, ਇੰਦਰਜੀਤ ਸਿੰਘ ਮਾਨਸਾ ਤੋਂ ਇਲਾਵਾ ਪੀ.ਡਬਲਯੂ. ਡੀ.ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਦਰਸਨ ਸਿੰਘ ਬੇਲੂਮਾਜਰਾ ;ਸਾਥੀ ਜਨਰਲ ਸਕੱਤਰ ਬਰਾਚ ਸਮਾਣਾ ਹਰਦੇਵ ਸਿੰਘ ਸਾਥੀਆਂ ਸਮੇਤ ਸਾਮਲ ਹੋਏ।

# ਚੋਥਾ ਦਰਜਾ ਮੁਲਾਜਮਾਂ/ਕੰਟਰੈਕਟ ਮੁਲਾਜਮਾਂ ਵੱਲੋਂ ਜ਼ਿਲ੍ਹਾ ਪੱਧਰ ’ਤੇ 24 ਘੰਟਿਆਂ ਦੀਆਂ ਸਮੂਹਕ ਭੁੱਖ ਹੜਤਾਲਾਂ ਸ਼ੁਰੂ

**ਪਟਿਆਲਾ, 14 ਜੁਲਾਈ -ਨਿਊਜ਼ਲਾਈਨ ਐਕਸਪ੍ਰੈਸ-**




ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੱਦੇ ਤੇ ਜਿਲਾ ਸਦਰ ਮੁਕਾਮਾ ਤੇ 24 ਘੰਟਿਆਂ ਲਈ ਭੁੱਖ ਹੜਤਾਲ ਸ਼ੁਰੂ ਕਰਕੇ ਮੁਲਾਜਮ ਮੰਗਾਂ ਦਾ ਪੰਜਾਬ ਸਰਕਾਰ ਵਲੋਂ ਨਿਬੇੜਾ ਨਾ ਕਰਨ ਦੇ ਰੋਸ ਵਜੋਂ ਭੁੱਖ ਹੜਤਾਲੀ ਕੈਂਪਾਂ ਅੱਗੇ ਪਿੱਟਸਿਆਪਾ ਕੀਤਾ। ਇਹ ਜਾਣਕਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾ ਨੇ ਇੱਕ ਪ੍ਰੈਸ ਨੋਟ ਜਾਰੀ ਕਰਕੇ ਦਿੱਤੀ ਤੇ ਕਿਹਾ ਕਿ ਕੈਪਟਨ ਸਰਕਾਰ ਨੇ ਘਰਘਰ ਨੌਕਰੀਆਂ ਦੇਣ ਦੀ ਬਜਾਏ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦਾ ਪੁਨਰਗਠਨ ਕਰਕੇ ਤੀਜਾ ਤੇ ਚੋਥਾ ਦਰਜਾ ਮੁਲਾਜਮਾਂ ਦੀਆਂ ਲੱਖਾਂ ਅਸਾਮੀਆਂ ਦਾ ਭੋਗ ਪਾ ਦਿੱਤਾ ਹੈ। ਵਰਕਚਾਰਜ, ਕੰਟਰੈਕਟ, ਆਊਟ ਸੋਰਸ ਤੇ ਡੇਲੀਵੇਜਿਜ਼ ਕਰਮਚਾਰੀਆਂ ਨੂੰ ਰੈਗੂਲਰ ਕਰਨ ਤੋਂ ਇਨਕਾਰੀ ਕਰਦੇ ਹੋਏ ਨਵਾਂ ਰੈਗੂਲਾਇਜੇਸ਼ਨ ਬਿਲ 2020 ਲਿਆਦਾ ਜਾ ਰਿਹਾ ਹੈ, ਜੋ ਸਾਰੇ ਕੱਚੇ ਕਾਮਿਆਂ ਲਈ ਘਾਤਕ ਸਿੱਧ ਹੋਵੇਗਾ। ਨਵੇਂ ਤਨਖਾਹ ਸਕੇਲਾਂ ਵਿੱਚ ਮੁਲਾਜਮਾਂ ਨੂੰ ਜਬਰਦਸਤ ਰਗੜਾ ਲਾਇਆ ਗਿਆ ਹੈ ਤੇ ਚੋਥਾ ਦਰਜਾ ਮੁਲਾਜਮਾਂ ਨੂੰ ਮੰਗ ਅਨੁਸਾਰ ਮੁੱਢਲਾ ਤਨਖਾਹ ਸਕੇਲ 26000/ ਰੁਪਏ ਦੇਣ ਤੋਂ ਅਤੇ 7 ਫੀਸਦੀ ਸਲਾਨਾ ਤਰੱਕੀ ਦੇਣ ਤੋਂ ਪਾਸਾ ਵੱਟ ਲਿਆ ਹੈ। ਇਹਨਾਂ ਆਗੂਆਂ ਨੇ ਕਿਹਾ ਕਿ ਇਕ ਚੋਥਾ ਦਰਜਾ ਕਰਮਚਾਰੀ ਨੂੰ ਸਾਲ ਵਿੱਚ 1200 ਰੁਪਏ ਦੇ ਲਗਭਗ ਸਲਾਨਾ ਇੰਕਰੀਮੈਂਟ ਲਗਦੀ ਹੈ ਜਦੋਂ ਕਿ 200 ਰੁਪਏ ਪ੍ਰਤੀ ਮਹੀਨਾ ਵਿਕਾਸ ਟੈਕਸ ਦੇ ਨਾਮ ਤੇ 2400 ਰੁਪਏ ਸਾਲ ਦੀ ਕਟੌਤੀ ਕੀਤੀ ਜਾ ਰਹੀ ਹੈ। ਇਸ ਤਰ੍ਹਾਂ ਮਿਲ ਰਹੇ ਭੱਤੇ ਵੀ ਵਾਪਸ ਹੋਏ ਹਨ ਤੇ ਮੰਗਾਂ ਨੂੰ ਸਰਕਾਰ ਨੇ ਹੁਣ ਠੰਡੇ ਬਸਤੇ ਵਿੱਚ ਪਾ ਦਿੱਤਾ ਹੈ। ਇਹਨਾਂ ਆਗੂਆਂ ਨੇ ਕਿਹਾ ਕਿ ਮਿਤੀ 15 ਜੁਲਾਈ ਨੂੰ ਭੁੱਖ ਹੜਤਾਲਾਂ ਸਮਾਪਤ ਕਰਨ ਸਮੇਂ ਵੱਡੀਆਂ ਰੈਲੀਆਂ ਕੀਤੀਆਂ ਜਾਣਗੀਆਂ ਅਤੇ ਰੋਸ ਮਾਰਚ ਕੀਤੇ ਜਾਣਗੇ ਤੇ ਡਿਪਟੀ ਕਮਿਸ਼ਨਰਾਂ ਨੂੰ ਮੁੱਖ ਮੰਤਰੀ, ਸਥਾਨਕ ਸਰਕਾਰਾਂ, ਮੰਤਰੀ, ਵਿੱਤ ਮੰਤਰੀ ਅਤੇ ਮੁੱਖ ਸਕੱਤਰ ਦੇ ਨਾਮ ਤੇ ਚਾਰ ਪੜਤਾਂ ਵਿੱਚ ਯਾਦ ਪੱਤਰ ਦਿੱਤੇ ਜਾਣਗੇ।

ਪਟਿਆਲਾ ਵਿਖੇ ਰਜਿੰਦਰਾ ਹਸਪਤਾਲ ਵਿੱਚ ਚਲ ਰਹੇ ਪੜਾਅਵਾਰ ਸੰਘਰਸ਼ਾਂ ਦੇ ਪੰਡਾਲ ਵਿੱਚ ਮੁਲਾਜਮਾਂ ਵੱਲੋਂ ਜਿਸ ਵਿੱਚ ਸੰਦੀਪ ਕੌਰ, ਹਰਪ੍ਰੀਤ ਕੌਰ, ਜਸਪ੍ਰੀਤ ਕੌਰ, ਮਨਜਿੰਦਰ ਕੌਰ, ਹਰਪੁਨੀਤ ਕੌਰ, ਰਮਨਦੀਪ ਕੌਰ, ਸੁਨੀਤਾ ਰਾਣੀ, ਅਤੁਲ ਕੁਮਾਰ, ਬਲਵਿੰਦਰ ਸਿੰਘ, ਮਨਮਿੰਦਰ ਕੌਰ, ਪੂਨਮ ਸ਼ਰਮਾ, ਬਲਜੀਤ ਕੌਰ, ਸੀਮਾ ਰਾਣੀ, ਦੀਪ ਚੰਦ ਹੰਸ, ਜਗਤਾਰ ਲਾਲ, ਦਰਸ਼ਨ ਸਿੰਘ ਘੱਗਾ, ਰਾਮ ਲਾਲ ਰਾਮਾ, ਜਸਵਿੰਦਰ ਸਿੰਘ, ਗੁਰਜੀਤ ਸਿੰਘ, ਕੁਲਵੰਤ ਸਿੰਘ, ਦਿਵਾਨ ਨਾਗਰ, ਸੰਦੀਪ ਕੁਮਾਰ, ਮੇਜਰ ਸਿੰਘ, ਨਿਰਮਲ ਸਿੰਘ, ਸੁਖਦੇਵ ਸਿੰਘ ਲੱਕੀ, ਭਜਨ ਸਿੰਘ 24 ਘੰਟੇ ਦੀ ਭੁੱਖ ਹੜਤਾਲ ਤੇ ਬੈਠੇ। ਜਿਸ ਵਿੱਚ ਕੰਟਰੈਕਟ, ਨਰਸਿੰਗ / ਪੈਰਾ ਮੈਡੀਕਲ ਅਤੇ ਆਊਟ ਸੋਰਸ ਤੇ ਕੰਮ ਕਰ ਰਹੀਆਂ ਔਰਤਾਂ ਵੀ ਬੈਠੀਆਂ ਤੇ ਮਿਤੀ 15072021 ਨੂੰ ਦਿਨ ਸਮੇਂ ਜਾਗੋ ਕੱਢ ਕੇ ਮੋਤੀ ਮਹਿਲ ਤੇ ਸਥਾਨਕ ਸਰਕਾਰ ਮੰਤਰੀ ਦੀ ਰਿਹਾਇਸ਼ੀ ਵੱਲ ਮਾਰਚ ਕੀਤਾ ਜਾਵੇਗਾ। ਯੂਨੀਅਨ ਦੇ ਪ੍ਰਮੁੱਖ ਆਗੂ ਜੋ ਹਾਜਰ ਸਨ ਉਹਨਾਂ ਵਿੱਚ ਦਰਸ਼ਨ ਸਿੰਘ ਲੁਬਾਣਾ, ਦੀਪ ਚੰਦ ਹੰਸ, ਬਲਜਿੰਦਰ ਸਿੰਘ, ਜਗਮੋਹਨ ਸਿੰਘ ਨੌਲੱਖਾ, ਰਾਮ ਕਿਸ਼ਨ, ਮਾਧੋ ਲਾਲ, ਸਵਰਨ ਸਿੰਘ ਬੰਗਾ, ਅਰੁਣ ਕੁਮਾਰ, ਰਾਮ ਲਾਲ ਰਾਮਾ, ਸੂਰਜ ਪਾਲ ਯਾਦਵ, ਜਗਜੀਤ ਸਿੰਘ ਲੱਡੂ, ਓਂਕਾਰ ਸਿੰਘ ਦਮਨ, ਪ੍ਰੀਤਮ ਸਿੰਘ, ਤਰਲੋਚਨ ਗਿਰ, ਚੰਦਰ ਭਾਨ, ਇੰਦਰਪਾਲ, ਪ੍ਰਕਾਸ਼ ਲੁਬਾਣਾ, ਸ਼ਾਮ ਸਿੰਘ, ਅਨਿਲ ਕੁਮਾਰ, ਰਾਮ ਸਿੰਘ, ਰਤਨ ਕੁਮਾਰ ਸ਼ਰਮਾ, ਪ੍ਰਦੀਪ ਕੁਮਾਰ ਸੋਨੂੰ ਆਦਿ ਹਾਜਰ ਸਨ।

## ਸ਼ੰਭੂ ਵਿਚ ਆਪ ਆਗੂ ਅਤੇ ਪਾਰਟੀ ਮਾਇਨਾਰਟੀ ਵਿੰਗ ਪ੍ਰਧਾਨ ਨੇ ਭਾਈਚਾਰੇ ਦੇ ਲੋਕਾਂ ਦੇ ਨਾਲ ਕੀਤੀ ਵਿਸ਼ੇਸ਼ ਮੀਟਿੰਗ



**ਘਨੌਰ, 14 ਜੁਲਾਈ -ਇਕਬਾਲ ਸਿੰਘ- -ਨਿਊਜ਼ਲਾਈਨ ਐਕਸਪ੍ਰੈਸ-**

ਵਿਧਾਨ ਸਭਾ ਹਲਕਾ ਘਨੌਰ ਦੇ ਕਸਬਾ ਸ਼ੰਭੂ ਵਿਖੇ ਆਮ ਆਦਮੀ ਪਾਰਟੀ ਦੇ ਪ੍ਰਮੁੱਖ ਆਗੂ ਅਤੇ ਮਾਇਨਾਰਟੀ ਵਿੰਗ ਦੇ ਜਿਲਾ ਪ੍ਰਧਾਨ ਇਸਲਾਮ ਅਲੀ ਨੇ ਆਪਣੇ ਮੁਸਲਿਮ ਭਾਇਚਾਰੇ ਤੇ ਲੋਕਾਂ ਅਤੇ ਆਗੂਆਂ ਨਾਲ ਵਿਸ਼ੇਸ਼ ਮੀਟਿੰਗ ਕਰ ਭਾਈਚਾਰੇ ਦੇ ਲੋਕਾਂ ਨੂੰ ਆਮ ਆਦਮੀ ਪਾਰਟੀ ਦੀਆਂ ਨਿਤਿਆਂ ਬਾਰੇ ਜਾਨੂੰ ਕਰਵਾਇਆਂ ਗਿਆ ਅਤੇ ਪਾਰਟੀ ਦੀ ਮੁਖ ਕਨਵੀਨਰ ਅਰਵਿੰਦ ਕੇਜਰੀਵਾਲ ਪੰਜਾਬ ਦੇ ਪ੍ਰਧਾਨ ਭਗਵੰਤ ਮਾਨ ਵੱਲੋਂ ਕੀਤੇ ਜਾ ਰਹੇ ਲੋਕ ਪਕੀ ਕਮਾਂ ਦੀ ਜਾਨਕਾਰੀ ਦਿਤੀ ਗਈ।

ਇਸ ਮੌਕੇ ਆਮ ਆਗੂ ਵੱਲੋਂ ਭਾਈਚਾਰੇ ਦੇ ਲੋਕਾਂ ਵਲੋਂ ਅਗਾਮੀ ਵਿਧਾਨ ਸਭਾ ਚੋਣਾਂ ਵਿਚ ਆਮ ਉਮੀਦਵਾਰ ਦੀ ਹਿਮਾਇਤ ਕਰਨ ਦੀ ਵੀ ਅਪੀਲ ਕੀਤੀ ਗਈ।

## ਰਾਧਾ ਸੁਆਮੀ ਸਤਿਸੰਗ ਘਰ ਨਜ਼ਦੀਕ ਟਰੱਕ ਵਿੱਚ ਅੱਗ ਲੱਗਣ ਨਾਲ ਡਰਾਈਵਰ ਦੀ ਮੌਤ



**ਰਾਜਪੁਰਾ 14 ਜੁਲਾਈ -ਡਾਹਰਾ- -ਨਿਊਜ਼ਲਾਈਨ ਐਕਸਪ੍ਰੈਸ-**

ਅੱਜ ਦੇਰ ਰਾਤ ਰਾਜਪੁਰਾ ਸਰਹਿੰਦ ਹਾਈਵੇ ਤੇ ਰਾਧਾ ਸੁਆਮੀ ਸਤਿਸੰਗ ਘਰ ਦੇ ਨੇੜੇ ਇਕ ਟਰੱਕ ਦੇ ਬਿਜਲੀ ਦੀਆਂ ਤਾਰਾਂ ਨਾਲ ਟਕਰਾਉਣ ਉਪਰੰਤ ਅੱਗ ਲੱਗਣ ਨਾਲ ਡਰਾਈਵਰ ਦੀ ਮੌਤ ਹੋ ਗਈ।ਜਾਣਕਾਰੀ ਅਨੁਸਾਰ ਦੇਰ ਰਾਤ ਲੁਧਿਆਣਾ ਤੋਂ ਇੱਕ ਸਾਈਕਲ ਸਪੇਅਰ ਪਾਰਟ ਨਾਲ ਲੱਦਿਆ ਟਰੱਕ ਆ ਰਿਹਾ ਸੀ ਜਦੋਂ ਟਰੱਕ ਰਾਧਾ ਸੁਆਮੀ ਸਤਸੰਗ ਭਵਨ ਨੇੜੇ ਆਇਆ ਤਾਂ ਸਾਮਾਨ ਟਰੱਕ ਦੀ ਬਾਡੀ ਤੋਂ ਉੱਪਰ ਤੱਕ ਲੱਦਿਆ ਹੋਣ ਕਰਕੇ ਹਾਈ ਵੋਲਟੇਜ ਬਿਜਲੀ ਦੀਆਂ ਤਾਰਾਂ ਨਾਲ ਟਕਰਾ ਗਿਆ ਅਤੇ ਜਿਸ ਕਰਕੇ ਟਰੱਕ ਵਿੱਚ ਲੱਦਿਆ ਸਾਰਾ ਸਮਾਨ ਸੜ ਗਿਆ। ਡਰਾਈਵਰ ਨੂੰ ਜ਼ਖਮੀ ਹਾਲਤ ਵਿਚ ਸਿਵਲ ਹਸਪਤਾਲ ਪਹੁੰਚਾਇਆ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਡਰਾਈਵਰ ਦੀ ਪਛਾਣ ਧਰਮਿੰਦਰ ਪਰਿਹਾਰ ਵਾਸੀ ਗਵਾਲੀਅਰ ਵਜੋਂ ਹੋਈ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ ।

## ਸ਼ਿਵ ਸੈਨਾ ਹਿੰਦੂਸਤਾਨ ਦੀ ਧਾਰਮਿਕ ਸ਼ਾਖਾ ਸ੍ਰੀ ਰਾਮ ਸੇਵਾ ਦਲ ਵੱਲੋਂ ਸ੍ਰੀ ਹਨੂੰਮਾਨ ਚਾਲੀਸਾ ਪਾਠ ਵਿੱਚ ਏਕਮਜੋਤ ਸਨਮਾਨਿਤ

**ਪਟਿਆਲਾ, 14 ਜੁਲਾਈ -ਨਿਊਜ਼ਲਾਈਨ ਐਕਸਪ੍ਰੈਸ-**



ਸ਼ਿਵ ਸੈਨਾ ਹਿੰਦੁਸਤਾਨ ਦੀ ਧਾਰਮਿਕ ਸਾਖਾ ਸ੍ਰੀਰਾਮ ਸੇਵਾ ਦਲ ਪਟਿਆਲਾ 14 ਸਾਲਾਂ ਤੋਂ ਚੱਲ ਰਹੇ ਸ੍ਰੀ ਹਨੂੰਮਾਨ ਚਾਲੀਸਾ ਪਾਠ ਇਸ ਮੰਗਲਵਾਰ 13 ਜੁਲਾਈ ਨੂੰ ਸ੍ਰੀ ਕਾਲੀ ਮਾਤਾ ਮੰਦਰ ਪਟਿਆਲਾ ਵਿਖੇ ਧੂਮ ਧਾਮ ਨਾਲ ਮਨਾਇਆ ਗਿਆ ਇਸ ਮੌਕੇ ਤੇ ਪ੍ਰਸਿੱਧ ਗਜਲ ਗਾਇਕ ਪੰਡਿਤ ਜੀ ਨੇ ਭਗਵਾਨ ਸ੍ਰੀ ਹਨੁਮਾਨ ਜੀ ਦਾ ਗੁਣਗਾਣ ਕੀਤਾ ਸ੍ਰੀ ਨਰੇਸ਼ ਪੰਡਤ ਜੀ ਨੇ ਕਿਹਾ ਕਿ ਇਨਸਾਨ ਨੂੰ ਸੱਦਾ ਭਗਵਾਨ ਦੀ ਸ਼ਰਨ ਦੇ ਵਿਚ ਜਾ ਕੇ ਉਨ੍ਹਾਂ ਦੀ ਭਗਤੀ ਕਰਨੀ ਚਾਹੀਦੀ ਹੈਂ ਅਤੇ ਬੁਰਾਈਆਂ ਤੋਂ ਬਚਣਾ ਚਾਹੀਦਾ ਹੈ ਇਸ ਮੌਕੇ ਤੇ ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸਟਰੀ ਪ੍ਰਮੁੱਖ ਸ੍ਰੀ ਪਵਨ ਕੁਮਾਰ ਗੁਪਤਾ ਜੀ ਵਿਸੇਸ ਤੌਰ ਤੇ ਪਹੁੰਚੇ ਉਹਨਾਂ ਨੇ ਬਹੁਤ ਦੀ ਅਰਥੀ ਅਤੇ ਸਤਿਸੰਗ ਸੁਣਿਆ ਇਸ ਮੌਕੇ ਤੇ ਪਟਿਆਲਾ ਦੇ ਸਮਾਜ ਸੇਵੀ ਸੰਸਥਾਵਾਂ ਦਾ ਸਨਮਾਨ ਕਰਦੇ ਹੋਏ ਸ੍ਰੀ ਪਵਨ ਕੁਮਾਰ ਗੁਪਤਾ ਜੀ ਨੇ ਪਟਿਆਲਾ ਵਿੱਚ ਬਹੁਤ ਹੀ ਨੇਕੀ ਦਾ ਕੰਮ ਕਰ ਰਹੀ ਛੋਟੀ ਬੱਚੀ ਏਕਮਜੋਤ ਕੋਰ ਨੂੰ ਸਨਮਾਨਿਤ ਕੀਤਾ ਏਕਮਜੋਤ ਕੋਰ ਬਾਰੇ ਦੱਸਦਿਆਂ ਸ੍ਰੀ ਪਵਨ ਕੁਮਾਰ ਗੁਪਤਾ ਜੀ ਨੇ ਕਿਹਾ ਕੀ ਇਹ ਛੋਟੀ ਬੱਚੀ ਪਟਿਆਲਾ ਸਹਿਰ ਵਿਚ ਹਰ ਮੋੜ ਤੇ ਹਰ ਪਾਰਕ ਵਿਚ ਬੂਟੇ ਲਗਾ ਕੇ ਆਮ ਨਾਗਰਿਕਾਂ ਨੂੰ ਮਾਸਕੋ ਵੰਡਣ ਦੀ ਲਗਾਤਾਰ ਸੇਵਾ ਨਿਭਾਉਂਦੇ ਆ ਰਹੀ ਹੈ ਉਨ੍ਹਾਂ ਨੇ ਪਟਿਆਲਾ ਨਿਵਾਸੀਆਂ ਨੂੰ ਕਿਹਾ ਕੀ ਇਸ ਛੋਟੀ ਬੱਚੀ ਤੋਂ ਸਾਨੂੰ ਸਿੱਖਿਆ ਲੈਣੀ ਚਾਹੀਦੀ ਹੈ ਕਰੋਨਾ ਤੋਂ ਬਚਣ ਲਈ ਸਾਨੂੰ ਵੱਧ ਤੋਂ ਵੱਧ ਬੂਟੇ ਲੱਗਣੇ ਚਾਹੀਦੇ ਹਨ ਅਤੇ ਸਰਕਾਰ ਦੀ ਦਿੱਤੀ ਗਾਈਡਲਾਈਨ ਦੀ ਪਾਲਣਾ ਕਰਨੀ ਚਾਹੀਦੀ ਹੈ ਇਸ ਮੌਕੇ ਤੇ ਸ੍ਰੀਰਾਮ ਹਨੂਮਾਨ ਸੇਵਾਦਾਲ ਦੇ ਪੰਜਾਬ ਚੇਅਰਮੈਨ ਸ੍ਰੀ ਜਗਦੀਸ ਰਾਏਕ ਜੀ ਸ੍ਰੀ ਚੰਦ ਸਰਮਾ ਜੀ ਨਾਨੀ ਜੀ ਸੰਜੇ ਗੁੱਡੂ ਜਸਕਰਨ ਗੁਪਤਾ ਦੇਵੀ ਪ੍ਰਸਾਦ ਪੱਪੂ ਪ੍ਰਕਾਸ ਸਵਿਤਾ ਰਾਣੀ ਪਰਸੋਤਮ ਆਦਿ ਸਾਮਲ ਸਨ ।

## ਥਾਣਾ ਸਾਂਝ ਕੇਂਦਰ ਲਾਹੌਰੀ ਗੇਟ ਨੇ ਗਰੀਨ ਇੰਡੀਆ ਵੈੱਲਫੇਅਰ ਸੋਸਾਇਟੀ ਪਟਿਆਲਾ ਦੇ ਸਹਿਯੋਗ ਨਾਲ ਲਗਵਾਏ ਛਾਂਦਾਰ ਅਤੇ ਫ਼ਲਦਾਰ ਬੂਟੇ

**ਪਟਿਆਲਾ, 14 ਜੁਲਾਈ -ਨਿਊਜ਼ਲਾਈਨ ਐਕਸਪ੍ਰੈਸ-**



ਐੱਸ. ਐੱਸ. ਪੀ. ਪਟਿਆਲਾ ਸੰਦੀਪ ਕੁਮਾਰ ਗਰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਐੱਸ. ਪੀ. (ਸਿਟੀ) ਕਮ-ਜ਼ਿਲ੍ਹਾ ਕਮਿਊਨਿਟੀ ਪੁਲੀਸ ਅਫਸਰ ਪਟਿਆਲਾ ਵਰੁਣ ਸ਼ਰਮਾ ਦੀ ਅਗਵਾਈ ਹੇਠ ਥਾਣਾ ਲਾਹੌਰੀ ਗੇਟ ਪਟਿਆਲਾ ਵੱਲੋਂ ਗਰੀਨ ਇੰਡੀਆ ਵੈੱਲਫੇਅਰ ਸੋਸਾਇਟੀ ਪਡਿਆਲਾ ਦੇ ਸਹਿਯੋਗ ਨਾਲ ਨਹਿਰੂ ਪਾਰਕ ਪਟਿਆਲਾ ਵਿਖੇ ਛਾਂਦਾਰ ਅਤੇ ਫਲਦਾਰ ਬੂਟੇ ਲਗਵਾਏ ਗਏ। ਇਸ ਮੌਕੇ ਐੱਸ. ਆਈ. ਝਰਮਲ ਸਿੰਘ ਇੰਚਾਰਜ ਜ਼ਿਲਾ ਸਾਂਝ ਕੇਂਦਰ ਪਟਿਆਲਾ ਨੇ ਵਿਸ਼ੇਸ਼ ਤੌਰ ‘ਤੇ ਸ਼ਿਰਕਤ ਕੀਤੀ। ਇਸ ਮੌਕੇ ਏ. ਐੱਸ. ਆਈ. ਗੁਰਦੀਪ ਸਿੰਘ, ਸਵਰਨ ਸਿੰਘ, ਡੀ. ਐੱਸ. ਐੱਸ. ਟੀ. ਮਲਵਿੰਦਰ ਸਿੰਘ ਅਤੇ ਕਮੇਟੀ ਮੈਂਬਰ ਰਾਜੇਸ਼ ਕੁਮਾਰ ਬਿੱਲੂ, ਹੇਸ਼ ਕੁਮਾਰ ਵਰਮਾ, ਮਹੇਸ਼ ਕੁਮਾਰ ਮੌਜੂਦ ਸਨ। ਇਸ ਮੌਕੇ ਗਰੀਨ ਇੰਡੀਆ ਵੈੱਲਫੇਅਰ ਸੋਸਾਇਟੀ ਪਟਿਆਲਾ ਦੇ ਪ੍ਰਧਾਨ ਹਰਪਾਲ ਸਿੰਘ ਸੇਠੀ ਨੇ ਕਿਹਾ ਕਿ ਸਾਨੂੰ ਅਗਲੀਆਂ ਪੀੜ੍ਹੀਆਂ ਦੀ ਸੁਰੱਖਿਆ ਲਈ ਵਾਤਾਵਰਨ ਦੀ ਸੰਭਾਲ ਕਰਨੀ ਬਹੁਤ ਜਰੂਰੀ ਹ।

# ਸਿਵਲ ਸਰਜਨ ਡਾ. ਪ੍ਰਿੰਸ ਸੋਢੀ ਵੱਲੋਂ ਕਮਿਊਨਿਟੀ ਸਿਹਤ ਅ.ਫਸਰਾਂ ਨਾਲ ਮੀਟਿੰਗ

**➢ ਪਿੰਡ ਪੱਧਰ ਤੱਕ ਦੇ ਲੋਕਾਂ ਤੱਕ ਪੰਹੁਚਾਈਆਂ ਜਾਣ ਮੁਫਤ ਸਿਹਤ ਸੇਵਾਵਾਂ ➢ ਪਿੰਡਾ ਵਿੱਚ 100 ਪ੍ਰਤੀਸ਼ਤ ਯੋਗ ਨਾਗਰਿਕਾਂ ਦਾ ਕੋਵਿਡ ਟੀਕਾਰਨ ਨੂੰ ਬਣਾਇਆ ਜਾਵੇ ਯਕੀਨੀ**



ਸਿਵਲ ਸਰਜਨ ਡਾ. ਪ੍ਰਿੰਸ ਸੋਢੀ ਕਮਿਊਨਿਟੀ ਸਿਹਤ ਅਫਸਰਾਂ ਦੀ ਮੀਟਿੰਗ ਕਰਦੇ ਹੋਏ। ਫ਼ੋਟੋ : ਨਿਊਜ਼ਲਾਈਨ ਐਕਸਪ੍ਰੈਸ

**ਪਟਿਆਲਾ, 14 ਜੁਲਾਈ -ਨਿਊਜ਼ਲਾਈਨ ਐਕਸਪ੍ਰੈਸ-**

ਪਿੰਡ ਪੱਧਰ ਤੱਕ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਦੇਣ ਅਤੇ ਪਿੰਡਾ ਵਿੱਚ ਯੋਗ ਨਾਗਰਿਕਾਂ ਦੇ ਟੀਕਾਕਰਨ ਨੂੰ ਯਕੀਨੀ ਬਣਾਉਣ ਲਈ ਸਿਵਲ ਸਰਜਨ ਡਾ. ਪ੍ਰਿੰਸ ਸੋਢੀ ਵੱਲੋ ਜਿਲ੍ਹੇ ਦੇ ਤੰਦਰੁਸਤ ਸਿਹਤ ਕੇਂਦਰਾਂ ਵਿੱਚ ਕੰਮ ਕਰਦੇ ਕਮਿਉਨਿਟੀ ਸਿਹਤ ਅਫਸਰਾਂ ਦੀ ਮਾਤਾ ਕੁਸ਼ਲਿਆ ਹਸਪਤਾਲ ਦੇ ਕਾਨਫਰੰਸ ਹਾਲ ਵਿੱਚ ਇੱਕ ਮੀਟਿੰਗ ਕੀਤੀ।ਮੀਟਿੰਗ ਵਿੱਚ ਹਾਜਰ ਕਮਿਉਨਿਟੀ ਸਿਹਤ ਅਫਸਰਾ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਨੇਂ ਕਿਹਾ ਕਿ ਪੰਜਾਬ ਸਰਕਾਰ ਸਿਹਤ ਵਿਭਾਗ ਵੱਲੋ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਦੇਣ ਲਈ ਚਲਾਈਆਂ ਜਾ ਰਹੀਆਂ ਸਿਹਤ ਸਕੀਮਾਂ ਦਾ ਲਾਭ ਅਤੇ ਮੁਫਤ ਸਿਹਤ ਸੇਵਾਵਾਂ ਨੂੰ ਪਿੰਡ ਪੱਧਰ ਤੱਕ ਦੇ ਹਰ ਇਕ ਲੋੜਵੰਦ ਨਾਗਰਿਕ ਤੱਕ ਪੰਹੁਚਾਇਆ ਜਾਵੇ ਉਹਨਾਂ ਕਿਹਾ ਕਿ ਕੋਵਿਡ ਦੀ ਤੀਜੀ ਲਹਿਰ ਤੋਂ ਬਚਾਅ ਲਈ ਪਿੰਡਾਂ ਵਿੱਚ ਕੋਵਿਡ ਟੀਕਾਕਰਨ ਦੇ 100 ਟੀਚੇ ਨੂੰ ਪੂਰਾ ਕਰਨ ਲਈ ਲੋੜੀਂਦੇ ਉਪਰਾਲੇ ਕੀਤੇ ਜਾਣ ਅਤੇ ਕੋਵਿਡ ਲੱਛਣਾ ਵਾਲੇ ਮਰੀਜਾਂ ਦੀ ਕੋਵਿਡ ਸੈਂਪਲਿੰਗ ਵਧਾਉਣ ਤੇਂ ਜੋਰ ਦਿੱਤਾ।ਵੱਖ ਵੱਖ ਸਿਹਤ ਪ੍ਰੋਗਰਾਮਾਂ ਦੇ ਦਿੱਤੇ ਟੀਚਿਆਂ ਨੂੰ ਮਿਥੇ ਸਮੇਂ ਵਿੱਚ ਪੂਰਾ ਕਰਨ ਲਈ ਕਿਹਾ ਗਿਆ।ਆਉਣ ਵਾਲੇ ਸਮੇਂ ਵਿੱਚ ਡੇਂਗੂ ਦੀ ਬਿਮਾਰੀ ਨੂੰ ਮੁੱਖ ਰੱਖਦੇ ਹੋਏ ਇਸ ਤੋਂ ਬਚਾਅ ਸਬੰਧੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕੀਤੀ ਜਾਵੇ ਅਤੇ ਬੁਖਾਰ ਵਾਲੇ ਕੇਸਾਂ ਦੀ ਜਾਂਚ ਯਕੀਨੀ ਬਾਣਈ ਜਾਵੇ।ਇਸ ਮਿਟਿੰਗ ਦੋਰਾਣ ਸਿਵਲ ਸਰਜਨ ਵੱਲੋ ਕਮਿਉਨਿਟੀ ਸਿਹਤ ਅਫਸਰਾਂ ਵੱਲੋ ਵੱਖ ਵੱਖ ਸਿਹਤ ਪ੍ਰੋਗਰਾਮਾਂ ਦੀਆਂ ਪ੍ਰਪਤੀਆਂ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ।ਇਸ ਮੀਟਿੰਗ ਦੋਰਾਣ ਜਿਲਾ ਟੀਕਾਕਰਨ ਅਧਿਕਾਰੀ ਡਾ. ਵੀਨੂੰ ਗੋਇਲ, ਜਿਲਾ ਐਪੀਡੋਮੋਲੋਜਿਸਟ ਡਾ. ਸੁਮੀਤ ਸਿੰਘ, ਡਾ. ਦਿਵਯਜੋਤ ਸਿੰਘ,ਜਿਲ੍ਹਾ ਪ੍ਰੋਗਰਾਮ ਮੈਨੇਜਰ ਰਘੁਬੀਰ ਸਿੰਘ, ਮਾਸ ਮੀਡੀਆ ਅਫਸਰ ਕ੍ਰਿਸ਼ਨ ਕੁਮਾਰ, ਜਿਲ੍ਹਾ ਬੀ.ਸੀ.ਸੀ. ਕੁਆਰਡੀਨੇਟਰ ਜਸਵੀਰ ਕੌਰ ਅਤੇ 60 ਦੇ ਕਰੀਬ ਸਿਹਤ ਤੰਦਰੁਸਤ ਕੇਦਰਾਂ ਤੋਂ ਆਏ ਕਮਿਉਨਿਟੀ ਸਿਹਤ ਅਫਸਰ ਹਾਜ਼ਰ ਸਨ।

# ਰੁਜ਼ਗਾਰ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਬੇਰੁਜਗਾਰ ਈਟੀਟੀ ਟੈੱਟ ਪਾਸ ਅਧਿਆਪਕਾਂ ’ਤੇ ਪਟਿਆਲਾ ਪੁਲਿਸ ਨੇ ਕੀਤਾ ਲਾਠੀਚਾਰਜ

## ਬੇਰੁਜਗਾਰ ਈਟੀਟੀ ਟੈੱਟ ਪਾਸ ਅਧਿਆਪਕਾਂ ਨੇ ਕੀਤਾ ਮੋਤੀ ਮਹਿਲ ਦਾ ਘਿਰਾਓ

**ਪਟਿਆਲਾ, 14 ਜੁਲਾਈ -ਨਿਊਜ਼ਲਾਈਨ ਐਕਸਪ੍ਰੈਸ-**



ਰੁਜਗਾਰ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਬੇਰੁਜਗਾਰ ਈਟੀਟੀ ਟੈੱਟ ਪਾਸ ਅਧਿਆਪਕ ਜਿੱਥੇ ਸੰਗਰੂਰ ਵਿੱਚ ਡੀ.ਸੀ. ਦਫਤਰ ਦੇ ਬਾਹਰ ਲਗਾਤਾਰ ਛੇ ਮਹੀਨਿਆਂ ਤੋਂ ਧਰਨਾ ਦੇ ਰਹੇ ਹਨ ਤੇ ਦੁੱਜੇ ਪਾਸੇ 116 ਦਿਨਾਂ ਤੋਂ ਪਟਿਆਲਾ ਟਾਵਰ ਦੇ ਉੱਪਰ ਸੁਰਿੰਦਰ ਪਾਲ ਗੁਰਦਾਸਪੁਰ ਸਿਹਤ ਵਿਗੜਨ ਦੇ ਬਾਵਜੂਦ ਵੀ ਟਾਵਰ ਉਪਰ ਡਟਿਆ ਹੋਇਆ ਹੈ। 7 ਜੁਲਾਈ ਨੂੰ ਪੰਜਾਬ ਦੇ ਮੁੱਖ ਪ੍ਰਮੁੱਖ ਸਕੱਤਰ ਸੁਰੇਸ਼ ਕੁਮਾਰ ਨਾਲ ਹੋਈ ਪੈਨਲ ਮੀਟਿੰਗ ਵਿਚ ਇਹ ਭਰੋਸਾ ਦਿੱਤਾ ਗਿਆ ਸੀ ਕਿ ਬੇਰੁਜ਼ਗਾਰ ਅਧਿਆਪਕਾਂ ਦੀਆਂ ਮੰਗਾਂ 14 ਜੁਲਾਈ ਨੂੰ ਹੋਣ ਵਾਲੀ ਕੈਬਨਿਟ ਮੀਟਿੰਗ ਵਿੱਚ ਮੰਨ ਲਈਆਂ ਜਾਣਗੀਆਂ, ਪਰ ਅੱਜ ਕੋਈ ਵੀ ਕੈਬਨਿਟ ਮੀਟਿੰਗ ਨਹੀਂ ਹੋਈ ਜਿਸ ਦੇ ਰੋਸ ਵਜੋਂ ਬੇਰੁਜਗਾਰ ਅਧਿਆਪਕ ਲੀਲਾ ਭਵਨ ਵਿਚ ਇਕੱਠੇ ਹੋਏ ਜਿਸ ਤੋਂ ਬਾਅਦ ਬੇਰੁਜ਼ਗਾਰ ਅਧਿਆਪਕਾਂ ਵੱਲੋਂ ਲੀਲਾ ਭਵਨ ਤੋਂ ਰੋਸ ਮਾਰਚ ਸ਼ੁਰੂ ਕੀਤਾ ਗਿਆ। ਜਦੋਂ ਪਟਿਆਲਾ ਪੁਲਿਸ ਪ੍ਰਸ਼ਾਸਨ ਬੇਰੁਜ਼ਗਾਰ ਅਧਿਆਪਕਾਂ ਨੂੰ ਰੋਕਣ ਲਈ ਵਾਈਪੀਐਸ ਚੌਕ ਦੇ ਉਪਰ ਮੌਜੂਦ ਸੀ ਤਾਂ ਬੇਰੁਜਗਾਰ ਅਧਿਆਪਕਾਂ ਨੇ ਪ੍ਰਸ਼ਾਸਨ ਨੂੰ ਭੁਲੇਖਾ ਪਾਉਂਦੇ ਹੋਏ ਮੇਨ ਵਾਲੇ ਪਾਸੇ ਦੀ ਮੋਤੀ ਮਹਿਲ ਦਾ ਘਿਰਾਓ ਕਰਨ ਦਾ ਐਲਾਨ ਕਰ ਦਿੱਤਾ। ਜਿਸ ਤੋਂ ਬਾਅਦ ਪ੍ਰਸ਼ਾਸਨ ਨੂੰ ਭਾਜੜਾਂ ਪੈ ਗਈਆਂ।

ਜਦੋਂ ਬੇਰੁਜਗਾਰ ਅਧਿਆਪਕ ਮੋਤੀ ਮਹਿਲ ਵੱਲ ਵਧ ਰਹੇ ਸੀ ਤਾਂ ਪ੍ਰਸ਼ਾਸਨ ਵੱਲੋਂ ਭਾਰੀ ਪੁਲਿਸ ਬਲ ਲਗਾ ਕੇ ਬੇਰੁਜ਼ਗਾਰ ਅਧਿਆਪਕਾਂ ਨੂੰ ਰੋਕਿਆ ਗਿਆ। ਪਹਿਲਾ ਬੈਰੀਗੇਟ ਬੇਰੋਜ਼ਗਾਰ ਅਧਿਆਪਕਾਂ ਨੇ ਉਖਾੜਦੇ ਹੋਏ ਜੋ ਦੂਜੇ ਬੈਰੀਗੇਟ ‘ਤੇ ਪਹੁੰਚੇ ਤਾਂ ਬੇਰੁਜਗਾਰ ਅਧਿਆਪਕਾਂ ਉਪਰ ਲਾਠੀਚਾਰਜ ਕਰ ਦਿੱਤਾ ਗਿਆ।

ਇਸ ਮੌਕੇ ਮੌਜੂਦ ਬੇਰੁਜਗਾਰ ਈ.ਟੀ.ਟੀ. ਟੈੱਟ ਪਾਸ ਅਧਿਆਪਕ ਯੂਨੀਅਨ ਦੇ ਸੂਬਾ ਪ੍ਰਧਾਨ ਦੀਪਕ ਕੰਬੋਜ, ਸੂਬਾ ਸੀਨੀਅਰ ਮੀਤ ਪ੍ਰਧਾਨ ਸੰਦੀਪ ਸਾਮਾ, ਕੁਲਦੀਪ ਖੋਖਰ, ਨਿਰਮਲ ਜੀਰਾ, ਸੁਖਜੀਤ ਨਾਭਾ, ਬਲਵਿੰਦਰ ਨਾਭਾ ਤੇ ਹਰਪ੍ਰੀਤ ਕੌਰ ਮਾਨਸਾ ਨੇ ਨਿਊਜਲਾਈਨ ਐਕਸਪ੍ਰੈਸ ਨਾਲ ਗੱਲ ਕਰਦਿਆਂ ਕਿਹਾ ਕਿ ਲਗਾਤਾਰ ਦੋ ਮਹੀਨਿਆਂ ਤੋਂ ਮੀਟਿੰਗਾਂ ਵਿਚ ਪੰਜਾਬ ਸਰਕਾਰ ਵੱਲੋਂ ਬੇਰੁਜ਼ਗਾਰ ਅਧਿਆਪਕਾਂ ਨਾਲ ਮੰਗਾਂ ਮੰਨਣ ਦਾ ਮਜ਼ਾਕ ਕੀਤਾ ਜਾ ਰਿਹਾ ਹੈ ਤਾਂ ਕਿ ਬੇਰੁਜਗਾਰ ਅਧਿਆਪਕਾਂ ਦੇ ਸੰਘਰਸ਼ ਨੂੰ ਕਿਸੇ ਨਾ ਕਿਸੇ ਤਰੀਕੇ ਨਾਲ ਲਮਕਾਇਆ ਜਾ ਸਕੇ ।ਇਸ ਮੌਕੇ ਆਗੂਆਂ ਨੇ ਕਿਹਾ ਕਿ ਬੇਰੁਜਗਾਰ ਅਧਿਆਪਕ ਪੰਜਾਬ ਸਰਕਾਰ ਦੇ ਹੁਣ ਕਿਸੇ ਵੀ ਲਾਰੇ ਵਿਚ ਨਹੀਂ ਆਉਣਗੇ। ਜਦੋਂ ਤੱਕ ਬੇਰੁਜ਼ਗਾਰ ਅਧਿਆਪਕਾਂ ਦੀ ਮੰਗਾਂ ਲਿਖਤੀ ਰੂਪ ‘ਚ ਜਾਰੀ ਨਹੀਂ ਕੀਤੇ ਜਾਂਦਾ, ਜਦੋਂ ਤਕ ਬੇਰੁਜਗਾਰ ਅਧਿਆਪਕਾਂ ਦੀਆਂ ਮੰਗਾਂ ਨੂੰ ਲਿਖਤੀ ਰੂਪ ‘ਚ ਨਹੀਂ ਦਿੱਤਾ ਜਾਂਦਾ ਉਦੋਂ ਤੱਕ ਬੇਰੁਜ਼ਗਾਰ ਅਧਿਆਪਕਾਂ ਵੱਲੋਂ ਗੁਪਤ ਐਕਸ਼ਨ ਜਾਰੀ ਰਹਿਣਗੇ। ਉਨ੍ਹਾਂ ਨੇ ਦਸਿਆ ਕਿ ਅੱਜ ਦੇ ਲਾਠੀਚਾਰਜ ਵਿਚ ਭਾਰੀ ਗਿਣਤੀ ਮਹਿਲਾਵਾਂ ਉਤੇ ਵੀ ਤਸੱਦਦ ਕਰਕੇ ਜਖਮੀ ਕੀਤਾ ਗਿਆ ਹੈ।